ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 19 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੭ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਇੱਕ ਹੋਰ ਥਾਣੇ 'ਚ ਗ੍ਰਨੇਡ ਹਮਲੇ ਦਾ ਦਾਅਵਾ, ਪੁਲਿਸ ਨੇ ਧਮਾਕੇ ਤੋਂ ਕੀਤਾ ਇਨਕਾਰ, ਪਾਸੀਆ ਦੀ ਗ੍ਰਿਫ਼ਤਾਰੀ ਤੋਂ ਬਾਅਦ ਉਸਦੇ ਸਾਥੀ ਨੇ ਲਈ ਜ਼ਿੰਮੇਵਾਰੀ

**ਚੰਡੀਗੜ੍ਹ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੱਬਰ ਖਾਲਸਾ ਇੰਟਰਨੈਸ਼ਨਲ (BKI) ਦੇ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆ, ਜੋ ਕਿ ਪੰਜਾਬ ਵਿੱਚ ਹਾਲ ਹੀ ਵਿੱਚ ਹੋਏ ਗ੍ਰਨੇਡ ਹਮਲਿਆਂ ਦਾ ਮਾਸਟਰਮਾਈਂਡ ਹੈ, ਨੂੰ ਅਮਰੀਕੀ ਪੁਲਿਸ ਦੁਆਰਾ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਸਾਥੀ ਜੀਵਨ ਫੌਜੀ ਗੁੱਸੇ ਵਿੱਚ ਹਨ। ਉਸਨੇ ਸੋਸ਼ਲ ਮੀਡੀਆ 'ਤੇ ਦਾਅਵਾ ਕੀਤਾ ਹੈ ਕਿ ਅੰਮ੍ਰਿਤਸਰ ਵਿੱਚ ਇੱਕ ਹੋਰ ਬੰਬ ਧਮਾਕਾ ਹੋਇਆ ਹੈ ਪਰ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇਸ ਤੋਂ ਸਾਫ਼ ਇਨਕਾਰ ਕੀਤਾ ਹੈ। ਜੀਵਨ ਫੌਜੀ ਵੱਲੋਂ ਵਾਇਰਲ ਕੀਤੀ ਗਈ ਪੋਸਟ ਦੇ ਅਨੁਸਾਰ, ਇਹ ਦਾਅਵਾ ਕੀਤਾ ਗਿਆ ਹੈ ਕਿ ਹੁਣ ਅੰਮ੍ਰਿਤਸਰ ਦੇ ਅਜਨਾਲਾ ਥਾਣੇ ਵਿੱਚ ਬੰਬ ਧਮਾਕਾ ਹੋਇਆ ਹੈ। ਇਹ ਧਮਾਕਾ 18 ਅਪ੍ਰੈਲ ਦੀ ਸਵੇਰ ਨੂੰ ਲਗਭਗ 6.30 ਵਜੇ ਕੀਤਾ ਗਿਆ ਸੀ। ਪੋਸਟ ਵਿੱਚ ਜੀਵਨ ਫੌਜੀ ਨੇ ਕਿਹਾ- ਮੈਂ, ਜੀਵਨ ਫੌਜੀ, ਅਜਨਾਲਾ ਪੁਲਿਸ ਸਟੇਸ਼ਨ 'ਤੇ ਹੋਏ ਗ੍ਰਨੇਡ ਹਮਲੇ ਦੀ ਜ਼ਿੰਮੇਵਾਰੀ ਲੈਂਦਾ ਹਾਂ। ਇਸ ਗ੍ਰਨੇਡ ਹਮਲੇ ਨੂੰ ਅੰਜਾਮ ਦੇਣ ਦਾ ਮੁੱਖ ਕਾਰਨ ਇਹ ਹੈ ਕਿ ਸਾਡੇ ਬਹੁਤ ਸਾਰੇ ਸਾਥੀਆਂ ਨੂੰ ਜੇਲ੍ਹ ਵਿੱਚੋਂ ਚੁੱਕ ਕੇ ਗੈਰ-ਕਾਨੂੰਨੀ ਪਰਚੇ ਬਣਾਏ ਜਾ ਰਹੇ ਹਨ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਗੈਰ-ਕਾਨੂੰਨੀ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਪੰਜਾਬ ਪੁਲਿਸ ਨੇ ਜੋ ਫਿਲਮ ਸ਼ੁਰੂ ਕੀਤੀ ਹੈ ਉਹ 84 ਦੇ ਯੁੱਗ ਨੂੰ ਵਾਪਸ ਲਿਆ ਰਹੀ ਹੈ। ਜਾਂ ਤਾਂ ਉਹ ਹਟ ਜਾਣ ਨਹੀਂ ਤਾਂ ਆਉਣ ਵਾਲਾ ਸਮਾਂ ਪੁਲਿਸ ਲਈ ਹੋਰ ਵੀ ਮਾੜਾ ਹੋਵੇਗਾ।

## 1 ਸਾਲ ਹੋਰ ਰਹਿਣਾ ਪਵੇਗਾ ਡਿਬਰੂਗੜ੍ਹ ਜੇਲ੍ਹ

# ਅੰਮ੍ਰਿਤਪਾਲ ਸਿੰਘ 'ਤੇ ਪੰਜਾਬ ਸਰਕਾਰ ਨੇ ਮੁੜ ਤੋਂ ਵਧਾਈ ਐਨ. ਐਸ. ਏ.

**ਚੰਡੀਗੜ੍ਹ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਗਰਮ ਖ਼ਿਆਲੀ ਕਾਰਕੁਨ ਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਕੌਮੀ ਸੁਰੱਖਿਆ ਐਕਟ (ਐਨ. ਐਸ. ਏ.) ਅਧੀਨ ਹਿਰਾਸਤ ਵਿੱਚ ਇੱਕ ਸਾਲ ਦਾ ਵਾਧਾ ਕਰ ਦਿੱਤਾ ਹੈ। ਹਿਰਾਸਤ ਵਿੱਚ ਇੱਕ ਸਾਲ ਦਾ ਵਾਧਾ ਰਾਜ ਦੇ ਗ੍ਰਹਿ ਵਿਭਾਗ ਨੇ ਅੰਮ੍ਰਿਤਸਰ ਜ਼ਿਲ੍ਹਾ ਮੈਜਿਸਟ੍ਰੇਟ ਦੀ ਸਿਫ਼ਾਰਸ਼ ਤਹਿਤ ਕੀਤਾ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਅੰਮ੍ਰਿਤਪਾਲ ਨੂੰ ਹੋਰ ਨਜ਼ਰਬੰਦ ਰੱਖਣ ਦੀ ਜ਼ਰੂਰਤ ਦਾ ਜ਼ਿਕਰ ਕਰਦਿਆਂ ਉਸ ਦੀ ਹਿਰਾਸਤ ਵਿਚ ਵਾਧੇ ਦੀ ਸਿਫ਼ਾਰਸ਼ ਕੀਤੀ ਸੀ। ਹਾਲਾਂਕਿ ਇਸ ਬਾਬਾਤ ਅਜੇ ਤੱਕ ਅਧਿਕਾਰਿਕ ਪੁਸ਼ਟੀ ਨਹੀਂ ਕੀਤੀ ਗਈ ਹੈ ਪਰ ਮੀਡੀਆ ਰਿਪੋਰਟਾਂ ਦੇ ਹਵਾਲੇ ਨਾਲ ਇਹ ਜਾਣਕਾਰੀ ਸਾਹਮਣੇ ਆਈ ਹੈ ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਅੰਮ੍ਰਿਤਪਾਲ ਸਿੰਘ ਉੱਤੇ ਐਨ. ਐਸ. ਏ. ਵਧਾਈ ਗਈ ਹੈ। ਇਹ ਇਸ ਵੇਲੇ ਹੈਰਾਨੀਵਾਲੀ ਗੱਲ ਤਾਂ ਹੈ ਕਿਉਂਕਿ ਸਰਕਾਰ ਨੇ ਪਿਛਲੇ ਦਿਨੀਂ ਉਨ੍ਹਾਂ ਦੇ 9 ਹੋਰ ਸਹਿ-ਮੁਲਜ਼ਮ ਸਾਥੀਆਂ ਦੀ ਹਿਰਾਸਤ ਨੂੰ ਵਾਧਾ ਨਹੀਂ ਕੀਤਾ ਅਤੇ ਉਨ੍ਹਾਂ ਨੂੰ ਪੰਜਾਬ ਦੀਆਂ ਜੇਲ੍ਹਾਂ ਵਿਚ ਤਬਦੀਲ ਕਰ ਦਿੱਤਾ ਗਿਆ ਹੈ ਪਰ ਇਸ ਦੌਰਾਨ ਅੰਮ੍ਰਿਤਪਾਲ ਸਿੰਘ ਉੱਤੇ ਮੁੜ ਤੋਂ ਐਨ. ਐਸ. ਏ. ਵਧਾਇਆ ਗਿਆ ਹੈ। ਗੌਰ ਕਰਨ ਵਾਲੀ ਗੱਲ ਹੈ ਕਿ 'ਵਾਰਿਸ ਪੰਜਾਬ ਦੇ' ਜਥੇਬੰਦੀ ਦਾ ਆਗੂ ਅੰਮ੍ਰਿਤਪਾਲ ਸਿੰਘ ਅਪ੍ਰੈਲ 2023 ਤੋਂ ਹਿਰਾਸਤ ਵਿੱਚ ਹੈ। ਉਸ ਨੇ ਹਿਰਾਸਤ ਵਿਚ ਰਹਿੰਦਿਆਂ ਹੀ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਖਡੂਰ ਸਾਹਿਬ ਹਲਕੇ ਤੋਂ ਭਾਰੀ ਬਹੁਮਤ ਨਾਲ ਜੋਣ ਜਿੱਤੀ ਸੀ। ਉਹ ਆਪਣੇ ਸਾਥੀਆਂ ਸਮੇਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਸੀ ਪਰ ਹੁਣ ਉਸ ਦੇ ਸਾਥੀਆਂ ਨੂੰ ਪੰਜਾਬ ਲਿਆਂਦਾ ਗਿਆ ਹੈ ਪਰ ਅੰਮ੍ਰਿਤਪਾਲ ਅਜੇ ਵੀ ਉੱਥੇ ਹੀ ਰਹੇਗਾ। ਜ਼ਿਕਰ ਕਰ ਦਈਏ ਕਿ ਤੜਕਸਾਰ ਖ਼ਬਰ ਸਾਹਮਣੇ ਆਈ ਸੀ ਕਿ ਪੰਜਾਬ ਪੁਲਿਸ ਅੰਮ੍ਰਿਤਪਾਲ ਸਿੰਘ ਨੂੰ ਲੈਣ ਲਈ ਡਿਬਰੂਗੜ ਜੇਲ੍ਹ, ਅਸਾਮ ਲਈ ਰਵਾਨਾ ਹੋ ਗਈ ਹੈ ਤੇ ਟ੍ਰਾਂਜ਼ਿਟ ਰਿਮਾਂਡ 'ਤੇ ਪੰਜਾਬ ਪੁਲਿਸ ਲੈ ਕੇ ਆਏਗੀ। ਇਹ ਵੀ ਸਾਹਮਣੇ ਆਇਆ ਸੀ ਕਿ ਵਾਰਿਸ ਪੰਜਾਬ ਦੇ ਮੁੱਖੀ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਲੈ ਕੇ ਆਉਣ ਤੋਂ ਬਾਅਦ ਜਲਦੀ ਹੀ ਅਜਨਾਲਾ ਦੀ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ। ਜਿੱਥੋਂ ਉਨ੍ਹਾਂ ਦਾ ਰਿਮਾਂਡ ਲੈ ਕੇ ਅਜਨਾਲਾ ਥਾਣੇ 'ਤੇ ਹੋਏ ਹਮਲੇ ਦੇ ਮਾਮਲੇ ਵਿਚ ਪੁੱਛਗਿੱਛ ਕੀਤੀ ਜਾਵੇਗੀ।



## ਅੰਮ੍ਰਿਤਪਾਲ ਸਿੰਘ ਦੇ ਸਾਥੀ ਪਪਲਪ੍ਰੀਤ ਸਿੰਘ ਨੂੰ ਅਦਾਲਤ ਨੇ 14 ਦਿਨਾਂ ਲਈ ਨਿਆਂਇਕ ਹਿਰਾਸਤ 'ਚ ਭੇਜਿਆ

**ਅੰਮ੍ਰਿਤਸਰ/ਅਜਨਾਲਾ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਵਾਰਸ ਪੰਜਾਬ ਦੇ ਮੁਖੀ ਅਤੇ ਹਲਕਾ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਨਜ਼ਦੀਕੀ ਦੱਸੇ ਜਾਂਦੇ ਪਪਲਪ੍ਰੀਤ ਸਿੰਘ ਦਾ ਪੁਲਿਸ ਰਿਮਾਂਡ ਖ਼ਤਮ ਹੋਣ ਉਪਰੰਤ ਅੱਜ ਪੁਲਿਸ ਵਲੋਂ ਸੁਰੱਖਿਆ ਪ੍ਰਬੰਧਾਂ ਹੇਠ ਉਸ ਨੂੰ ਮੁੜ ਅਜਨਾਲਾ ਅਦਾਲਤ ਵਿਚ ਪੇਸ਼ ਕੀਤਾ ਗਿਆ, ਜਿਥੇ ਅਦਾਲਤ ਵੱਲੋਂ ਉਸ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ ਗਿਆ ਹੈ। ਪਪਲਪ੍ਰੀਤ ਸਿੰਘ ਨੂੰ ਟਰਾਂਜ਼ਿਟ ਰਿਮਾਂਡ 'ਤੇ ਪੰਜਾਬ ਲਿਆਂਦਾ ਗਿਆ ਹੈ। ਇਸ ਮੌਕੇ ਵਕੀਲ ਰਿਤੂ ਰਾਜ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਪਲਪ੍ਰੀਤ ਸਿੰਘ ਦਾ ਅੱਜ ਰਿਮਾਂਡ ਖਤਮ ਹੋਣ ਤੋਂ ਬਾਅਦ ਉਸ ਨੂੰ ਮੁੜ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ ,ਜਿਸ ਦੇ ਚਲਦੇ ਅੱਜ ਪੁਲਿਸ ਵੱਲੋਂ ਰਿਮਾਂਡ ਲੈਣ ਦੀ ਕੋਸ਼ਿਸ਼ ਕੀਤੀ ਗਈ ਪਰ ਮਾਨਯੋਗ ਅਦਾਲਤ ਵੱਲੋਂ ਪਪਲਪ੍ਰੀਤ ਸਿੰਘ ਨੂੰ ਇੱਕ ਮਈ ਤੱਕ ਜੁਡੀਸ਼ੀਅਲ ਰਿਮਾਂਡ 'ਤੇ ਭੇਜ ਦਿੱਤਾ ਗਿਆ। ਉਹਨਾਂ ਕਿਹਾ ਕਿ ਪਪਲਪ੍ਰੀਤ ਸਿੰਘ ਕੋਲੋਂ ਕੁਝ ਵੀ ਬਰਾਮਦ ਨਹੀਂ ਹੋਇਆ, ਜਿਸ ਦੇ ਚਲਦੇ ਹੁਣ ਪਪਲਪ੍ਰੀਤ ਸਿੰਘ ਨੂੰ ਜੁਡੀਸ਼ੀਅਲ ਰਿਮਾਂਡ 'ਤੇ 1 ਮਈ ਤੱਕ ਭੇਜਿਆ ਗਿਆ ਹੈ। ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਇੰਦਰਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਥਾਣਾ ਹਮਲਾ ਮਾਮਲੇ ਵਿੱਚ ਪਪਲਪ੍ਰੀਤ ਸਿੰਘ ਨੂੰ ਅੱਜ ਅਜਨਾਲਾ ਅਦਾਲਤ 'ਚ ਪੇਸ਼ ਕੀਤਾ ਗਿਆ। ਜਿੱਥੇ ਮਾਨਯੋਗ ਕੋਰਟ ਵੱਲੋਂ ਪਪਲਪ੍ਰੀਤ ਸਿੰਘ ਨੂੰ 1 ਮਈ 2025 ਤੱਕ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਗਿਆ ਹੈ। ਹੁਣ ਇਹ ਅੰਮ੍ਰਿਤਸਰ ਦੀ ਸੈਂਟਰ ਜੇਲ੍ਹ ਵਿੱਚ ਭੇਜੇ ਜਾਣਗੇ। ਇਸ ਮਾਮਲੇ ਦੀ ਅਗਲੀ ਸੁਣਵਾਈ 1 ਮਈ ਨੂੰ ਹੋਵੇਗੀ।



## ਸਾਹਨੇਵਾਲ 'ਚ ਮਹਿਲਾ ਵਕੀਲ ਦੀ ਕੁੱਟਮਾਰ ਦਾ ਮਹਿਲਾ ਕਮਿਸ਼ਨ ਨੇ ਲਿਆ ਨੋਟਿਸ



**ਲੁਧਿਆਣਾ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਜ਼ਿਲ੍ਹੇ ਦੇ ਸਾਹਨੇਵਾਲ 'ਚ ਲੋਕਾਂ ਵੱਲੋਂ ਕਥਿਤ ਤੌਰ 'ਤੇ ਗ਼ੈਰ-ਕਾਨੂੰਨੀ ਕੀਤੇ ਜਾਣ ਦੇ ਇਲਜ਼ਾਮ ਲਾਏ ਜਾ ਰਹੇ ਹਨ, ਜਿਸ ਨੂੰ ਲੈ ਕੇ ਲੋਕਾਂ ਵੱਲੋਂ ਵਿਰੋਧ ਵੀ ਕੀਤਾ ਜਾ ਰਿਹਾ ਹੈ। ਬੀਤੇ ਦਿਨ ਇਹ ਵਿਰੋਧ ਇੰਨਾ ਤਿੱਖਾ ਹੋ ਗਿਆ ਸੀ ਮਾਮਲੇ ਨੂੰ ਲੈ ਕੇ ਪਿੰਡ ਦੇ ਲੋਕਾਂ ਅਤੇ ਮਾਈਨਿੰਗ ਕਾਰਿੰਦਿਆਂ ਵਿੱਚ ਝੜਪ ਦੀ ਤਸਵੀਰ ਵੀ ਸਾਹਮਣੇ ਆਈ ਸੀ। ਇਸ ਦੌਰਾਨ ਹਾਈਕੋਰਟ ਦੀ ਮਹਿਲਾ ਵਕੀਲ ਸਿਮਰਨਜੀਤ ਕੌਰ ਗਿੱਲ ਵੱਲੋਂ ਮਾਈਨਿੰਗ ਕਾਰਿੰਦਿਆਂ 'ਤੇ ਲਾਈਵ ਹੁੰਦਿਆਂ ਕੁੱਟਮਾਰ ਦੇ ਦੋਸ਼ ਵੀ ਲਾਏ ਸਨ, ਜੋ ਕਿ ਫੇਸਬੁੱਕ ਤੇਜ਼ੀ ਨਾਲ ਵੀਡੀਓ ਵਾਇਰਲ ਹੋਈ ਸੀ। ਹੁਣ ਮਹਿਲਾ ਵਕੀਲ ਦੀ ਕੁੱਟਮਾਰ ਦਾ ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਵੀ ਸੂ-ਮੋਟੋ ਨੋਟਿਸ ਲਿਆ ਹੈ। ਮਹਿਲਾ ਕਮਿਸ਼ਨ ਨੇ ਮੀਡੀਆ ਰਿਪੋਰਟਾਂ ਦਾ ਹਵਾਲਾ ਦਿੰਦਿਆਂ ਲੁਧਿਆਣਾ ਪੁਲਿਸ ਕਮਿਸ਼ਨਰ ਨੂੰ ਲਿਖਿਆ ਹੈ ਕਿ ਇਸ ਕੇਸ ਵਿੱਚ ਤੁਰੰਤ ਐਕਸ਼ਨ ਲਿਆ ਜਾਵੇ ਅਤੇ ਕਿਸੇ ਸੀਨੀਅਰ ਅਧਿਕਾਰੀ ਤੋਂ ਜਾਂਚ ਕਰਵਾਈ ਜਾਵੇ। ਮਹਿਲਾ ਕਮਿਸ਼ਨ ਨੇ ਇਸ ਮਾਮਲੇ ਦੀ ਜਾਂਚ ਉਪਰੰਤ ਰਿਪੋਰਟ 19 ਅਪ੍ਰੈਲ ਤੱਕ ਭੇਜਣ ਦੇ ਹੁਕਮ ਦਿੱਤੇ ਹਨ, ਤਾਂ ਜੋ ਅਗਲੀ ਕਾਰਵਾਈ ਕੀਤੀ ਜਾ ਸਕੇ। ਦੱਸ ਦਈਏ ਕਿ ਪਿੰਡ ਦੀ ਹੀ ਮਹਿਲਾ ਐਡਵੋਕੇਟ ਸਿਮਰਨਜੀਤ ਕੌਰ ਗਿੱਲ ਵੱਲੋਂ ਆਪਣੇ ਸੋਸ਼ਲ ਮੀਡੀਆ ਅਕਾਊਂਟ ਤੇ ਲਾਈਵ ਕਰਕੇ ਕਿਹਾ ਗਿਆ ਸੀ ਕਿ ਸਾਡੇ ਪਿੰਡ ਦੇ ਵਿੱਚੋਂ ਗੈਰ-ਕਾਨੂੰਨੀ ਟਿੱਪਰ ਨਿਕਲ ਰਹੇ ਹਨ, ਜਿਨ੍ਹਾਂ ਦੀ ਫਿਟਨੈਸ ਵੀ ਖਤਮ ਹੋ ਚੁੱਕੀ। ਉਨ੍ਹਾਂ ਨੇ ਕਿਹਾ ਕਿ ਪਿਛਲੇ ਡੇਢ ਮਹੀਨੇ ਤੋਂ ਅਸੀਂ ਧਰਨੇ 'ਤੇ ਬੈਠੇ ਸੀ ਅਤੇ ਬੀਤੇ ਦਿਨ ਟਿੱਪਰ ਚਾਲਕਾਂ ਵੱਲੋਂ ਸਾਡੇ 'ਤੇ ਹਮਲਾ ਕਰ ਦਿੱਤਾ ਗਿਆ ਹੈ। ਲੜਾਈ-ਝਗੜੇ ਦੀ ਇਹ ਵੀਡੀਓ ਸੋਸ਼ਲ ਮੀਡੀਆ 'ਤੇ ਕਾਫੀ ਵਾਇਰਲ ਵੀ ਹੋ ਰਹੀ ਹੈ ਅਤੇ ਪਿੰਡ ਦੇ ਲੋਕਾਂ ਵੱਲੋਂ ਧਰਨਾ ਲਗਾਇਆ ਗਿਆ ਹੈ। ਪਿੰਡ ਦੇ ਲੋਕਾਂ ਦਾ ਇਲਜ਼ਾਮ ਹੈ ਕਿ ਰੇਤੇ ਦੀ ਮਾਈਨਿੰਗ ਸਾਡੇ ਪਿੰਡ ਦੇ ਵਿੱਚੋਂ ਨਜਾਇਜ਼ ਢੰਗ ਦੇ ਨਾਲ ਹੋ ਰਹੀ।

## ਨੂਰਪੁਰ 'ਚ ਸਾਹਮਣੇ ਆਈ ਬੇਅਦਬੀ ਦੀ ਘਟਨਾ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਪਾੜ ਕੇ ਸੁੱਟੇ ਗਏ



**ਗੜ੍ਹਸ਼ੰਕਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੜ੍ਹਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ ਦੇ ਗੁਰਦੁਆਰਾ ਸਾਹਿਬ ਵਿੱਖੇ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜਕੇ ਬੇਅਦਵੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸਦੇ ਸਬੰਧ ਵਿੱਚ ਮਾਹਿਲਪੁਰ ਪੁਲਿਸ ਵਲੋਂ ਤਫ਼ਤੀਸ਼ ਕੀਤੀ ਜਾ ਰਹੀ ਹੈ। ਜਾਣਕਾਰੀ ਦਿੰਦਿਆ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਟਹਿਲ ਸਿੰਘ ਨੇ ਦੱਸਿਆ ਕਿ ਬੀਤੀ ਦਿਨੀਂ ਗੁਰਦੁਆਰਾ ਸਾਹਿਬ ਵਿੱਖੇ ਇੱਕ ਸਮਾਗਮ ਉਪਰੰਤ ਜਦੋ ਉਹ ਸ਼ਾਮ ਦੇ ਸਮੇਂ ਗੁਰੂਦੁਆਰਾ ਸਾਹਿਬ ਵਿੱਖੇ ਪੁੱਜੇ ਤਾਂ ਉਨ੍ਹਾਂ ਦੇਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜੇ ਹੋਏ ਸਨ। ਉਨ੍ਹਾਂ ਦੱਸਿਆ ਕਿ ਇਸ ਉਪਰੰਤ ਉਨ੍ਹਾਂ ਵਲੋਂ ਕਮੇਟੀ ਦੇ ਪ੍ਰਧਾਨ ਅਤੇ ਪਿੰਡ ਵਾਸੀਆਂ ਨੂੰ ਸੁਚਿੱਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅੱਜ ਸਵੇਰੇ ਥਾਣਾ ਮਾਹਿਲਪੁਰ ਪੁਲਿਸ ਨੂੰ ਸੁਚਿੱਤ ਕੀਤਾ ਗਿਆ। ਇਸ ਮੌਕੇ ਸੁਰਿੰਦਰ ਸਿੰਘ ਭੁਲੇਵਾਲ ਰਾਠਾ ਸਾਬਕਾ ਵਿਧਾਇਕ ਨੇ ਬੇਅਦਵੀ ਦੀ ਘਟਨਾ ਦੀ ਸਖ਼ਤ ਆਲੋਚਨਾ ਕਰਦੇ ਹੋਏ ਪੁਲਿਸ ਪ੍ਰਸ਼ਾਸਨ ਤੋਂ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉੱਧਰ ਇਸ ਸਬੰਧ ਵਿੱਚ ਜਸਪ੍ਰੀਤ ਸਿੰਘ ਡੀਐਸਪੀ ਗੜ੍ਹਸ਼ੰਕਰ ਨੇ ਦੱਸਿਆ ਕਿ ਉਨ੍ਹਾਂ ਵਲੋਂ ਪੜਤਾਲ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

## ਘਰ ਬੈਠੇ ਕਮਾਈ ਕਰਨ ਦਾ ਲਾਲਚ ਦੇ ਕੇ ਸਾਈਬਰ ਠੱਗਾਂ ਨੇ ਮਾਰੀ ਔਰਤ ਨਾਲ 9 ਲੱਖ 47 ਹਜ਼ਾਰ ਦੀ ਠੱਗੀ, ਪਰਚਾ ਦਰਜ

**ਜਗਰਾਉਂ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਰਕਾਰ ਵੱਲੋਂ ਭਾਵੇਂ ਸਾਈਬਰ ਅਪਰਾਧ ਨੂੰ ਕਾਬੂ ਕਰਨ ਲਈ ਅਤੇ ਜਨਤਾ ਨੂੰ ਜਾਗਰੂਕ ਕਰਨ ਲਈ ਤਰ੍ਹਾਂ ਤਰ੍ਹਾਂ ਦੇ ਤਰੀਕੇ ਅਪਣਾਏ ਜਾ ਰਹੇ ਹਨ। ਪ੍ਰੰਤੂ ਸਾਈਬਰ ਅਪਰਾਧੀ ਆਪਣੀਆਂ ਗੱਲਾਂ ਦੇ ਜਾਲ ਵਿੱਚ ਉਲਝਾ ਕੇ ਭੋਲੇ ਭਾਲੇ ਲੋਕਾਂ ਨੂੰ ਫੋਨ ਕਰਕੇ ਅਜਿਹੇ ਸਬਜ ਬਾਗ ਦਿਖਾਉਂਦੇ ਹਨ ਕਿ ਆਦਮੀ ਉਹਨਾਂ ਦੇ ਚੱਕਰ ਵਿੱਚ ਆ ਕੇ ਆਪਣੀ ਜਮਾ ਪੂੰਜੀ ਗੁਆ ਬੈਠਦਾ ਹੈ। ਅਜਿਹਾ ਇੱਕ ਮਾਮਲਾ ਥਾਣਾ ਸਾਈਬਰ ਕ੍ਰਾਈਮ ਵਿਖੇ ਦਰਜ ਕੀਤਾ ਗਿਆ ਹੈ।



ਜਿਸ ਮੁਤਾਬਕ ਸਾਈਬਰ ਠੱਗਾਂ ਨੇ ਸੁਖਜੀਤ ਕੌਰ ਪਤਨੀ ਤਜਿੰਦਰ ਸਿੰਘ ਵਾਸੀ ਪ੍ਰਤਾਪ ਨਗਰ ਮਿਲਰ ਗੰਜ ਲੁਧਿਆਣਾ ਹਾਲ ਵਾਸੀ ਮਾਨੂਕੇ ਨਾਲ ਵਾਪਰਿਆ ਹੈ। ਜਿਸ ਦੀ ਜਾਣਕਾਰੀ ਦਿੰਦਿਆਂ ਹੋਇਆਂ ਸਾਈਬਰ ਥਾਣਾ ਦੇ ਏਐਸਆਈ ਜਗਰੂਪ ਸਿੰਘ ਨੇ ਦੱਸਿਆ ਕਿ ਸੁਖਜੀਤ ਕੌਰ ਵੱਲੋਂ ਇੱਕ ਸ਼ਿਕਾਇਤ ਦਰਜ ਕਰਕੇ ਆਪਣੇ ਬਿਆਨਾਂ ਵਿੱਚ ਦੱਸਿਆ ਗਿਆ ਹੈ ਕਿ ਉਸ ਨੂੰ ਕਿਸੇ ਨਾ ਮਾਲੂਮ ਔਰਤ ਦਾ ਫੋਣ ਆਇਆ ਤੇ ਕਿਹਾ ਕਿ ਉਹਨਾਂ ਦੀ ਕੰਪਨੀ ਆਨਲਾਈਨ ਕੰਮ ਕਰਦੀ ਹੈ ਅਤੇ ਉਹ ਘਰ ਬੈਠ ਕੇ ਚੰਗੇ ਪੈਸੇ ਕਮਾ ਸਕਦੀ ਹੈ।

ਜੇਕਰ ਸੁਖਜੀਤ ਕੌਰ ਉਹਨਾਂ ਦੀ ਕੰਪਨੀ ਵਿੱਚ ਇਨਵੈਸਟ ਕਰਦੀ ਹੈ ਤਾਂ ਕੰਪਨੀ ਤੁਹਾਡੇ ਪੈਸੇ ਇਨਵੈਸਟ ਕਰਕੇ ਕੁਝ ਦਿਨਾਂ ਚ ਵੱਡਾ ਫਾਇਦਾ ਦੇਦੀ ਹੈ। ਜਿਸ ਕਾਰਨ ਸੁਖਜੀਤ ਕੌਰ ਉਸ ਔਰਤ ਦੇ ਝੱਸੇ ਵਿੱਚ ਆ ਗਈ ਅਤੇ ਉਕਤ ਫਰਜੀ ਕੰਪਨੀ ਦੇ ਕੋਲ 9 ਲੱਖ 47 ਹਜਾਰ ਰੁਪਏ ਦੇ ਕਰੀਬ ਆਨਲਾਈਨ ਦੇ ਦਿੱਤੇ ਅਤੇ ਠੱਗੀ ਦਾ ਸ਼ਿਕਾਰ ਹੋਈ। ਜਦੋਂ ਸੁਖਜੀਤ ਕੌਰ ਨੂੰ ਆਪਣੇ ਨਾਲ ਹੋਈ ਠੱਗੀ ਦਾ ਪਤਾ ਚੱਲਿਆ ਤਾਂ ਉਸਨੇ ਇਸ ਦੀ ਸ਼ਿਕਾਇਤ ਥਾਣਾ ਸਾਈਬਰ ਕ੍ਰਾਈਮ ਨੂੰ ਦਿੱਤੀ ਅਤੇ ਥਾਣਾ ਸਾਈਬਰ ਕ੍ਰਾਈਮ ਵਿਖੇ ਉਕਤ ਫੋਨ ਕਰਨ ਵਾਲੀ ਅਣ ਪਛਾਤੀ ਔਰਤ ਦੇ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

**+447976210161**

- ਭਾਈ ਬਲਜੀਤ ਸਿਘ ਕੰਗ/Bhai Baljit Singh Kang

**+44 7780 605230**

- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)


**+44 7568 517223**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ
## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
info@sgpc.net ਅਤੇ
ਵੱਟਸਐਪ ਨੰਬਰ 77101-36200
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਅਵਤਾਰ ਪੁਰਬ

ਅਵਤਾਰ ਪੁਰਬ :-- ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ।
ਅਵਤਾਰ ਪੁਰਬ :-- ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ।



ਸ੍ਰੋਮਣੀ ਭਗਤ ਭਗਤ ਧੰਨਾ ਜੱਟ ਜੀ ਜਨਮ ਦਿਹਾੜੇ ਧੂਆ ਕਲਾਂ ਜ਼ਿਲ੍ਹਾ ਟਾਂਕ ਰਾਜਸਥਾਨ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

19 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ

20 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਨਦੀਪ ਸਿੰਘ ਮੋਧਨਾ ਵਾਲੇ ਗੁਰਬਾਣੀ ਕੀਰਤਨ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ

# ਮਹਾਨ ਅਵਤਾਰ ਪੁਰਬ



☛ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ( ਮੁਕਤਸਰ ਸਾਹਿਬ ਜੀ ) ☛ ਜਨਮ ਦਿਵਸ਼ : ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਹੁਸ਼ਿਆਰਪੁਰ । ☛ ਜੋੜ ਮੇਲਾ ਗੁਰੂ ਕਾ ਬਾਗ ਪਟਨਾ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**3 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

4 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਉਚੇਚ ਤੋਰ ਤੇ ਪੰਜਾਬ ਦੀ ਧਰਤੀ ਤੋਂ ਢਾਡੀ ਜਥਾ ਗਿਆਨੀ ਜਸਬੀਰ ਸਿੰਘ ਮੋਲੀਕੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਪਹਿਲੀ ਬਰਸੀ

# ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ

ਦਮਦਮੀ ਟਕਸਾਲ ਜਥਾ ਭਿੰਡਰਾਂ



## ਸ੍ਰੀ ਸਹਿਜ ਪਾਠ ਸਾਹਿਬ ਭੋਗ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ, ਪਾਰਕ ਐਵਨਿਊ
UB1 3AG (HALL 2)

**ਮੰਗਲਵਾਰ ੧੫ ਅਪ੍ਰੈਲ ੨੦੨੫**
ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਅਤੇ ਕੀਰਤਨ ਦਰਬਾਰ - ਸ਼ਾਮ ੬-੮ ਵਜੇ
(ਗਿਆਨੀ ਜੀ ਦੇ ਸਮੂਹ ਵਿਦਿਆਰਥੀਆਂ ਵਲੋਂ)

## ਸ੍ਰੀ ਅਖੰਡ ਪਾਠ ਸਾਹਿਬ

ਸ੍ਰੀ ਗੁਰੂ ਅਮਰਦਾਸ ਜੀ ਹਾਲ,
ਐਡਲੇਡ ਰੋਡ, ਸਾਊਥਾਲ,
UB2 5PX (OPPOSITE CLIFTON ROAD)

**ਸ਼ੁੱਕਰਵਾਰ ੧੮ ਅਪ੍ਰੈਲ ੨੦੨੫**
ਅਰੰਭ ਸ੍ਰੀ ਅਖੰਡ ਪਾਠ ਸਾਹਿਬ - ਸਵੇਰੇ ੯ ਵਜੇ

**ਸਨਿੱਚਰਵਾਰ ੧੯ ਅਪ੍ਰੈਲ ੨੦੨੫**
ਕੀਰਤਨ ਅਤੇ ਕਥਾ ਦਰਬਾਰ - ਸ਼ਾਮ ੬ ਵਜੇ

**ਐਤਵਾਰ ੨੦ ਅਪ੍ਰੈਲ ੨੦੨੫**
ਭੋਗ ਸ੍ਰੀ ਅਖੰਡ ਪਾਠ ਸਾਹਿਬ - ਸਵੇਰੇ ੯ ਵਜੇ
ਉਪਰੰਤ ਕੀਰਤਨ ਅਤੇ ਕਥਾ ਦਰਬਾਰ

For more information contact 07751 217502, 07864960355

ਲਿਖਾਰੀ ਜਥਾ ਭਿੰਡਰਾਂ DGNSOUNDS NIHUNG SANTHIA




ਆਵਾਜ਼ਿ ਕੌਮ AWAZE QAUM International Newspaper & WEB TV

## IN LOVING MEMORY- 1ST BARSI

# GIANI PRITAM SINGH JI LIKHARI

DAMDAMI TAKSAL JATHA BHINDRAN



## SRI SEHAJ PAATH BHOG

GURDWARA SRI GURU SINGH SABHA
SOUTHALL, PARK AVENUE, UB1 3AG (HALL 2)

**TUESDAY 15TH APRIL 2025**

SRI SEHAJ PAATH BHOG & KIRTAN - 6-8 PM
(FROM ALL OF GIANI JI'S VIDHIARTHIS)

## SRI AKHAND PAATH SAHIB

GURU AMARDASS HALL,
ADELAIDE ROAD, SOUTHALL, UB2 5PX
(OPPOSITE CLIFTON ROAD)

**FRIDAY 18TH APRIL 2025**

ARAMBH SRI AKHAND PAATH SAHIB - 9 AM

**SATURDAY 19TH APRIL 2025**

KIRTAN & KATHA DARBAR - 6 PM ONWARDS

**SUNDAY 20TH APRIL 2025**

BHOG SRI AKHAND PAATH SAHIB - 9 AM
FOLLOWED BY KIRTAN & KATHA

For more information contact 07751 217502, 07864960355

ਲਿਖਾਰੀ ਜਥਾ ਭਿੰਡਰਾਂ

DGNSOUNDS

NIHUNG SANTHIA



ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੇ ਪ੍ਰਕਾਸ਼ ਪੁਰਬ ਦੀਆ
ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈਆਂ
ਜਥੇਦਾਰ ਭੁਪਿੰਦਰ ਸਿੰਘ ਜੀ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁ: ਮੈਨੇਜਮੈਂਟ ਕਮੇਟੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਚੇਅਰਮੈਨ,
ਧਰਮ ਪ੍ਰਚਾਰ ਹਰਿਆਣਾ ਸਿੱਖ ਗੁ: ਪ੍ਰਬੰਧਕ ਕਮੇਟੀ
ਸ੍ਰ. ਅਜੈਬ ਸਿੰਘ ਜੀ, ਨਿਮਨਾਬਾਦ
ਮੈਂਬਰ,
ਹਰਿਆਣਾ ਸਿੱਖ ਗੁ: ਮੈਨੇਜਮੈਂਟ ਕਮੇਟੀ
ਬੀਬੀ ਪਰਮਿੰਦਰ ਕੌਰ ਜੀ, ਜੀਂਦ
ਅੰਤ੍ਰਿਗ ਮੈਂਬਰ,
ਹਰਿਆਣਾ ਸਿੱਖ ਗੁ: ਮੈਨੇਜਮੈਂਟ ਕਮੇਟੀ
ਜੱਥੇਦਾਰ ਗੁਰਜਿੰਦਰ ਸਿੰਘ ਜੀ
ਜੀਂਦ




॥ ਗੁਰਬਾਣੀ ਕਥਾ ਵਿਚਾਰ ॥
ਗੁਰਦੁਆਰਾ ਸ਼ੀਸ਼ ਗੰਜ ਸਾਹਿਬ ਦਿੱਲੀ
19 ਅਪ੍ਰੈਲ 2025 ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
ਗੁਰਦੁਆਰਾ ਬੰਗਲਾ ਸਾਹਿਬ ਦਿੱਲੀ
20 ਅਪ੍ਰੈਲ 2025 ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
Live On PTC ਸਿਮਰਨ
Live On CHARDIKLA TIME TV
ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਨਗੇ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
/BhaiBaljitSinghDaduwal /Daduwal /Daduwal /DaduwalTV
www.bhaibaljitsinghji.com 98140-15740, 93560-60960

ਸ੍ਰੀ ਸਹਿਜ ਪਾਠ ਸੇਵਾ ਲਹਿਰ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ

ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ

ਦੀ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ

HARYANA SIKH GURDWARA MANAGEMENT COMMITTEE — ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

## ॥ ਸਾਧੋ ਗੋਬਿੰਦ ਕੇ ਗੁਨ ਗਾਵਉ ॥

ਸ੍ਰੀ ਸਹਿਜ ਪਾਠ ਆਰੰਭਤਾ ਸਮਾਗਮ ਮਿਤੀ 18 ਅਪ੍ਰੈਲ 2025 (6 ਵੈਸਾਖ ਨਾਨਕਸ਼ਾਹੀ ਸੰਮਤ 557)

ਪ੍ਰਕਾਸ਼ ਪੁਰਬ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਸਮੇਂ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂੰਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਆਉ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਜਾਂ ਘਰ ਬੈਠ ਕੇ ਬਾਣੀ ਪੜ੍ਹ ਕੇ ਇਸ ਲਹਿਰ ਦਾ ਹਿੱਸਾ ਬਣੀਏ।

350 ਸ਼ਹੀਦੀ ਸ਼ਤਾਬਦੀ

ਆਉ ਸ਼ੁਰੂਆਤ ਕਰੀਏ:

1. 350 ਸ੍ਰੀ ਸਹਿਜ ਪਾਠ ਦੀ ਲੜੀ ਦਾ ਹਿੱਸਾ ਬਣੀਏ
2. 350 ਸ੍ਰੀ ਸੁਖਮਨੀ ਸਾਹਿਬ ਪਾਠ ਕਰੀਏ
3. 350 ਸ੍ਰੀ ਜਪੁਜੀ ਸਾਹਿਬ ਪਾਠ ਕਰੀਏ
4. 350 ਸ੍ਰੀ ਚੌਪਈ ਸਾਹਿਬ ਪਾਠ ਕਰੀਏ
5. 350 ਘੰਟੇ ਸ੍ਰੀ ਵਾਹਿਗੁਰੂ ਗੁਰਮੰਤਰ ਸਿਮਰਨ ਅਭਿਆਸ ਕਰੀਏ

ਜਿਸ ਦੀ ਸੰਪੂਰਨਤਾ ਦੀ ਸਮੂਚੀ ਅਰਦਾਸ 350 ਸਾਲਾ ਸ਼ਹੀਦੀ ਸ਼ਤਾਬਦੀ ਸਮੇਂ ਨਵੰਬਰ ਮਹੀਨੇ 2025 ਗੁਰਦੁਆਰਾ ਧਮਤਾਨ ਸਾਹਿਬ ਵਿਖੇ ਗੁਰੂ ਚਰਨਾ ਵਿੱਚ ਕੀਤੀ ਜਾਵੇਗੀ।
ਬਾਣੀ ਦਾ ਪਾਠ ਕਰਨ ਵਾਲੀਆਂ ਸੰਗਤਾ ਦਾ ਵਿਸ਼ੇਸ਼ ਸਨਮਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵੱਲੋਂ ਕੀਤਾ ਜਾਵੇਗਾ।
ਸ੍ਰੀ ਸਹਿਜ ਪਾਠ ਕਰਨ ਲਈ ਗੁਰਬਾਣੀ ਪੋਥੀਆਂ ਭੇਟਾ ਰਹਿਤ ਦਿੱਤੀਆ ਜਾਣਗੀਆਂ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

## ਸ੍ਰੀ ਸਹਿਜ ਪਾਠ ਅਤੇ ਹੋਰ ਪਾਠ ਕਰਨ ਲਈ ਇਹਨਾਂ ਨੰਬਰਾ ਤੇ ਸੰਪਰਕ ਕਰਕੇ ਨੋਟ ਕਰਵਾਉ ਜੀ

## ਮੋ: 98029-47712, 99965-54454



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਪ੍ਰਕਾਸ਼ਕ:- ਆਵਾਜ਼ਿ ਕੌਮ AWAZE QAUM International Newspaper & WEB TV

## ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਆਲਮੀ ਅਤਿਵਾਦੀ ਕੇਂਦਰ ਪਾਕਿਸਤਾਨ ਨਾਲ

# ਕੋਈ ਸਰੋਕਾਰ ਨਹੀਂ ਹੋਣਾ ਚਾਹੀਦਾ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਅਕਾਲੀ ਦਲ ਮਾਨ ਦੇ ਪ੍ਰਧਾਨ ਸਿਮਰਜੀਤ ਸਿੰਘ ਮਾਨ ਵੱਲੋਂ ਅਟਾਰੀ ਸਰਹੱਦ 'ਤੇ ਪਾਕਿਸਤਾਨ ਨਾਲ ਵਪਾਰ ਮੁੜ ਸ਼ੁਰੂ ਕਰਨ ਦੀ ਮੰਗ ਨੂੰ ਲੈ ਕੇ ਦਿੱਤੇ ਗਏ ਵਿਰੋਧ ਪ੍ਰਦਰਸ਼ਨ 'ਤੇ ਟਿੱਪਣੀ ਕਰਦੇ ਹੋਏ ਕਿਹਾ ਕਿ ਬਿਹਤਰ ਹੁੰਦਾ ਜੇਕਰ

## ਵਿਚਾਰ ਆਪੋ-ਆਪਣਾ

ਸ. ਮਾਨ ਨੇ ਪਾਕਿਸਤਾਨ ਨੂੰ ਪੰਜਾਬ ਵਿੱਚ ਨਸ਼ੀਲੇ ਪਦਾਰਥ, ਘਾਤਕ ਹਥਿਆਰ ਅਤੇ ਅੱਤਵਾਦੀ ਭੇਜਣ ਤੋਂ ਰੋਕਣ ਲਈ ਵਿਰੋਧ ਪ੍ਰਦਰਸ਼ਨ ਕੀਤਾ ਹੁੰਦਾ। ਪੰਜਾਬ ਦੇ ਲੋਕ ਪਾਕਿਸਤਾਨ ਵੱਲੋਂ ਪੰਜਾਬ ਵਿੱਚ ਭੇਜੇ ਜਾ ਰਹੇ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਕਾਰਨ ਦੁਖੀ ਹਨ ਪਰ ਸ. ਮਾਨ ਚੁੱਪਚਾਪ ਸਭ ਕੁਝ ਦੇਖ ਰਹੇ ਹਨ ਅਤੇ ਪਾਕਿਸਤਾਨ ਦੇ ਮੋਹ ਕਾਰਨ ਸਭ ਕੁਝ ਬਰਦਾਸ਼ਤ ਕਰ ਰਹੇ ਹਨ। ਉਨ੍ਹਾਂ ਨੂੰ ਕਦੇ ਵੀ ਇਨ੍ਹਾਂ ਮੁੱਦਿਆਂ 'ਤੇ ਪਾਕਿਸਤਾਨ ਵਿਰੁੱਧ ਬੋਲਣ ਦੀ ਹਿੰਮਤ ਨਹੀਂ ਹੋਈ।

ਪ੍ਰੋਫੈਸਰ ਸਰਚਾਂਦ ਸਿੰਘ ਨੇ ਕਿਹਾ ਕਿ ਅਸੀਂ ਅਟਾਰੀ ਸਰਹੱਦ ਰਾਹੀਂ ਗੁਆਂਢੀ ਦੇਸ਼ ਨਾਲ ਵਪਾਰ ਚਾਹੁੰਦੇ ਹਾਂ, ਜਿਸ ਲਈ ਭਾਰਤ ਨੇ ਅਟਾਰੀ ਲੈਂਡ ਪੋਰਟ 'ਤੇ 120 ਏਕੜ ਵਿੱਚ ਫੈਲੇ ਆਈਸੀਪੀ ਵਿੱਚ ਵਪਾਰ ਲਈ ਸਕੈਨਰ, ਕਾਰਗੋ ਹੈਂਡਲਿੰਗ ਅਤੇ ਕ੍ਰੇਨ ਵਰਗੀਆਂ ਬੁਨਿਆਦੀ ਸਹੂਲਤਾਂ ਸਥਾਪਤ ਕੀਤੀਆਂ ਹਨ। ਪਰ ਭਾਰਤ ਅੱਤਵਾਦ ਅਤੇ ਹਿੰਸਾ ਤੋਂ ਮੁਕਤ ਮਾਹੌਲ ਵਿੱਚ ਪਾਕਿਸਤਾਨ ਨਾਲ ਆਮ ਗੁਆਂਢੀ ਵਾਲਾ ਸਬੰਧ ਚਾਹੁੰਦਾ ਹੈ। ਅਸੀਂ ਸਰਹੱਦ 'ਤੇ ਮੋਮਬਤੀਆਂ ਜਗਾ ਕੇ ਮੁਹੱਬਤ ਦਾ ਪੈਗ਼ਾਮ ਦਿੰਦੇ ਹਾਂ ਪਰ ਉੱਧਰ ਆਲਮੀ ਅਤਿਵਾਦੀ ਕੇਂਦਰ ਬਣ ਚੁਕਾ ਪਾਕਿਸਤਾਨ ਸਾਡੇ 'ਤੇ ਬੁਰੀ ਨਜ਼ਰ ਹੀ ਨਹੀਂ ਸਗੋਂ ਡਰੋਨ ਅਤੇ ਹੋਰ ਸਾਧਨਾਂ ਰਾਹੀਂ ਨਸ਼ਾ, ਹਥਿਆਰ ਅਤੇ ਅੱਤਵਾਦੀ ਭੇਜ ਕੇ ਸਾਡੇ ਦੇਸ਼ ਨੂੰ ਅਸਥਿਰ ਕਰਨ, ਸਾਡੇ ਨਾਗਰਿਕਾਂ ਅਤੇ ਸੈਨਿਕਾਂ ਉੱਤੇ ਅਟੈਕ ਲਗਾਤਾਰ ਕਰਦਿਆਂ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਤਬਾਹ ਕਰ ਰਹੇ ਹਨ। ਇਹ ਪਾਕਿਸਤਾਨ ਹੀ ਹੈ ਜੋ ਭਾਰਤ ਦੇ ਅਟੁੱਟ ਅੰਗ ਕਸ਼ਮੀਰ ਦਾ ਕਾਫ਼ੀ ਹਿੱਸਾ ਦਬਾ ਕੇ ਬੈਠਾ ਹੋਇਆ ਹੈ ਅਤੇ ਪਾਕਿਸਤਾਨ ਦਾ ਸੈਨਾ ਮੁਖੀ ਅਸੀਮ ਮੁਨੀਰ ਕਸ਼ਮੀਰ ਨੂੰ 'ਪਾਕਿਸਤਾਨ ਦੀ ਸ਼ਾਹ ਰਗ' ਦਸ ਕੇ ਕਸ਼ਮੀਰੀਆਂ ਨੂੰ ਭਾਰਤ ਵਿਰੁੱਧ ਉਕਸਾ ਰਿਹਾ ਹੈ। ਅਜਿਹੀ ਸਥਿਤੀ 'ਚ ਉਸ ਦੇਸ਼ ਨਾਲ ਸਾਡਾ ਕੋਈ ਸਰੋਕਾਰ ਕਿਵੇਂ ਹੋ ਸਕਦਾ ਹੈ ? ਭਾਰਤ ਨੇ ਨਸ਼ਿਆਂ ਅਤੇ ਅੱਤਵਾਦ ਪ੍ਰਤੀ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਹੈ। ਭਾਰਤ ਵੱਲੋਂ ਦੇਸ਼ ਵਿੱਚ ਹਿੰਸਾ ਭੜਕਾਉਣ, ਦੇਸ਼ ਦੀ ਏਕਤਾ-ਅਖੰਡਤਾ ਅਤੇ ਰਾਸ਼ਟਰੀ ਸੁਰੱਖਿਆ ਦੀ ਕੀਮਤ 'ਤੇ ਪਾਕਿਸਤਾਨ ਨਾਲ ਕਿਸੇ ਵੀ ਤਰ੍ਹਾਂ ਦਾ ਸਰੋਕਾਰ ਜਾਂ ਸਮਝੌਤਾ ਕਰਨ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਪਾਕਿਸਤਾਨ ਨਾਲ ਵਪਾਰ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਇਹ ਭਾਰਤ ਨਹੀਂ ਸੀ ਜਿਸ ਨੇ ਵਪਾਰ ਬੰਦ ਕੀਤਾ ਸੀ, ਸਗੋਂ ਪਾਕਿਸਤਾਨ ਨੇ ਅਗਸਤ 2019 ਵਿੱਚ ਭਾਰਤ ਵੱਲੋਂ ਕਸ਼ਮੀਰ ਤੋਂ ਧਾਰਾ 370 ਹਟਾਏ ਜਾਣ ਕਾਰਨ ਭਾਰਤ ਨਾਲ ਵਪਾਰ ਬੰਦ ਕਰ ਦਿੱਤਾ ਸੀ। ਇਸ ਤੋਂ ਪਹਿਲਾਂ, 14 ਫਰਵਰੀ, 2019 ਨੂੰ, ਜਦੋਂ ਪਾਕਿਸਤਾਨ ਵੱਲੋਂ ਭੇਜੇ ਗਏ ਅੱਤਵਾਦੀਆਂ ਨੇ ਕਸ਼ਮੀਰ ਦੇ ਪੁੱਲਵਾਮਾ ਵਿੱਚ ਸਾਡੇ ਅਰਧ ਸੈਨਿਕ ਬਲਾਂ ਦੇ ਕਾਫ਼ਲੇ 'ਤੇ ਹਮਲਾ ਕੀਤਾ ਸੀ, ਜਿਸ ਵਿੱਚ 40 ਸੈਨਿਕ ਮਾਰੇ ਗਏ ਸਨ, ਤਾਂ ਭਾਰਤ ਨੇ ਪਾਕਿਸਤਾਨ ਤੋਂ ਤਰਜੀਹੀ ਦੇਸ਼ ਹੋਣ ਦਾ ਦਰਜਾ ਵਾਪਸ ਲੈ ਲਿਆ ਸੀ। ਬੇਸ਼ੱਕ, ਭਾਰਤ ਨੇ ਇਸ ਹਮਲੇ ਦਾ ਜਵਾਬ ਪਾਕਿਸਤਾਨ ਵਿੱਚ ਦਾਖਲ ਹੋ ਕੇ ਅਤੇ ਅੱਤਵਾਦੀ ਕੈਂਪਾਂ ਨੂੰ ਤਬਾਹ ਕਰਕੇ ਦਿੱਤਾ ਸੀ। ਉਨ੍ਹਾਂ ਕਿਹਾ ਕਿ ਸਾਡੀਆਂ ਸੁਰੱਖਿਆ ਏਜੰਸੀਆਂ ਨੂੰ ਪਾਕਿਸਤਾਨ ਵੱਲੋਂ ਸ਼ੁਰੂ ਕੀਤੇ ਗਏ ਹਾਈਬ੍ਰਿਡ ਅੱਤਵਾਦ ਨਾਲ ਨਜਿੱਠਣ ਵਿੱਚ ਬਹੁਤ ਮੁਸ਼ੱਕਤ ਕਰਨੀ ਪੈ ਰਹੀ ਹੈ। ਪੁੱਲਵਾਮਾ ਹਮਲੇ ਤੋਂ ਇਲਾਵਾ, ਮੋਹਾਲੀ ਦੇ ਖ਼ੁਫ਼ੀਆ ਵਿਭਾਗ ਅਤੇ ਸਰਹਾਲੀ ਪੁਲਿਸ ਸਟੇਸ਼ਨ 'ਤੇ ਪਾਕਿਸਤਾਨ ਵੱਲੋਂ ਭੇਜੇ ਗਏ ਤੱਤਾਂ ਦੁਆਰਾ ਆਰਪੀਜੀ ਹਮਲਾ ਕੀਤਾ ਗਿਆ ਸੀ ਅਤੇ ਹੁਣ ਵੀ ਕਈ ਪੁਲਿਸ ਸਟੇਸ਼ਨਾਂ ਅਤੇ ਸਾਡੇ ਲੋਕਾਂ 'ਤੇ ਬੰਬਾਂ ਨਾਲ ਹਮਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਪਹਿਲਾਂ ਵੀ ਵਪਾਰ ਦੇ ਬਹਾਨੇ ਆਈਪੀਸੀ ਅਟਾਰੀ ਰਾਹੀਂ ਨਸ਼ੇ ਅਤੇ ਹਥਿਆਰ ਭੇਜਦਾ ਰਿਹਾ ਸੀ। 2023 ਵਿੱਚ, ਆਈਪੀਸੀ ਅਟਾਰੀ ਰਾਹੀਂ ਪਾਕਿਸਤਾਨ ਤੋਂ ਆਉਣ ਵਾਲੇ ਟਰੱਕਾਂ ਵਿੱਚ ਝਾੜੂਆਂ ਦੀ ਇੱਕ ਖੇਪ ਵਿੱਚੋਂ ਵੱਡੀ ਮਾਤਰਾ 'ਚ ਹੈਰੋਇਨ ਬਰਾਮਦ ਕੀਤੀ ਗਈ ਸੀ, ਇਸ ਤੋਂ ਪਹਿਲਾਂ, ਅਪ੍ਰੈਲ 2022 ਵਿੱਚ ਪਾਕਿਸਤਾਨ ਤੋਂ ਆਉਣ ਵਾਲੇ ਇੱਕ ਟਰੱਕ ਵਿੱਚੋਂ ਮੁਲੱਠੀ ਦੀ ਆੜ ਵਿੱਚ ਲੱਕੜ ਦੇ ਖੋਲ੍ਹ ਵਿੱਚ ਲੁਕਾਈ ਗਈ 102 ਕਿੱਲੋ ਹੈਰੋਇਨ ਜ਼ਬਤ ਕੀਤੀ ਗਈ ਸੀ। 2019 ਵਿੱਚ, ਨਮਕ ਦੇ ਪੈਕਟਾਂ ਵਿੱਚੋਂ 532 ਕਿੱਲੋ ਹੈਰੋਇਨ ਜ਼ਬਤ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਕਰਜ਼ੇ ਵਿੱਚ ਡੁੱਬੇ ਪਾਕਿਸਤਾਨ ਨਾਲ ਵਪਾਰ ਕਰਨ ਦੀ ਬਜਾਏ, ਸਾਨੂੰ ਖਾੜੀ ਦੇਸ਼ਾਂ ਨਾਲ ਵਪਾਰ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਇਸ ਲਈ ਸਾਨੂੰ ਟ੍ਰਾਂਜ਼ਿਟ ਰੋਡ, ਹਵਾਈ ਕਾਰਗੋ ਅਤੇ ਸਮੁੰਦਰੀ ਰਸਤੇ ਵਰਤਣੇ ਚਾਹੀਦੇ ਹਨ। ਵਿਸ਼ਵ ਬੈਂਕ ਦੇ ਅਨੁਸਾਰ, ਅਟਾਰੀ ਆਈਸੀਪੀ ਵਿੱਚ 37 ਬਿਲੀਅਨ ਸਾਲਾਨਾ ਵਪਾਰ ਦੀ ਸੰਭਾਵਨਾ ਹੈ ਪਰ 2018 ਤੱਕ ਇੱਥੋਂ ਸਿਰਫ਼ 2 ਬਿਲੀਅਨ ਵਪਾਰ ਹੀ ਦਰਜ ਕੀਤਾ ਗਿਆ ਸੀ। ਜਿਸ ਤੋਂ ਪਤਾ ਲਗਦਾ ਹੈ ਕਿ ਵਪਾਰੀਆਂ 'ਚ ਇਸ ਪ੍ਰਤੀ ਕੋਈ ਖ਼ਾਸ ਉਤਸ਼ਾਹ ਨਹੀਂ।

> **ਅਸੀਂ ਸਰਹੱਦ 'ਤੇ ਮੋਮਬੱਤੀਆਂ ਜਗਾ ਕੇ ਮੁਹੱਬਤ ਦਾ ਪੈਗਾਮ ਦਿੰਦੇ ਹਾਂ ਪਰ ਪਾਕਿਸਤਾਨ ਸਾਡੇ ਨਾਗਰਿਕਾਂ ਅਤੇ ਸੈਨਿਕਾਂ 'ਤੇ ਹਮਲਾ ਕਰਾ ਰਿਹਾ ਹੈ**

### ਹੁਸ਼ਿਆਰਪੁਰ ਜ਼ਿਲ੍ਹੇ ਦੇ ਨੂਰਪੁਰ ਜੱਟਾਂ ਪਿੰਡ ਵਿਖੇ

# ਸ਼ਰਾਰਤੀ ਅਨਸਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਅੰਗਾਂ ਦੀ ਕੀਤੀ ਗਈ ਬੇਅਦਬੀ



ਨਵੀਂ ਦਿੱਲੀ, 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਹੁਸ਼ਿਆਰਪੁਰ ਜ਼ਿਲ੍ਹੇ ਦੇ ਨੂਰਪੁਰ ਜੱਟਾਂ ਪਿੰਡ ਵਿਖੇ ਕਿਸੇ ਸ਼ਰਾਰਤੀ ਅਨਸਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਅੰਗਾਂ ਨੂੰ ਖੰਡਿਤ ਕਰਨ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਅੰਦਰ ਬੇਅਦਬੀਆਂ ਨੂੰ ਰੋਕਣ ਅਤੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ। ਉਨ੍ਹਾਂ ਕਿਹਾ ਕਿ ਜੇਕਰ ਵਾਪਰ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਵਿੱਚ ਪੰਜਾਬ ਸਰਕਾਰ ਨੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਯਕੀਨੀ ਬਣਾਈ ਹੁੰਦੀ ਤਾਂ ਅੱਜ ਸੂਬੇ ਅੰਦਰ ਸ਼ਰਾਰਤੀ ਅਨਸਰਾਂ ਦੀ ਅਜਿਹਾ ਕਰਨ ਦੀ ਹਿੰਮਤ ਨਾ ਪੈਂਦੀ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਸੰਗਤ ਨੂੰ ਗੁਰੂ ਘਰਾਂ ਅੰਦਰ ਹਰ ਸਮੇਂ ਪਹਿਰੇਦਾਰੀ ਅਤੇ ਕੈਮਰਿਆਂ ਦਾ ਪ੍ਰਬੰਧ ਯਕੀਨੀ ਬਣਾਉਣ ਲਈ ਆਖਿਆ। ਉਨ੍ਹਾਂ ਕਿਹਾ ਕਿ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਾਰ-ਵਾਰ ਅਪੀਲ ਕੀਤੇ ਜਾਣ ਦੇ ਬਾਵਜੂਦ ਗੁਰੂ ਘਰਾਂ ਅੰਦਰ ਕੈਮਰਿਆਂ ਦਾ ਸੁਚੱਜਾ ਪ੍ਰਬੰਧ ਨਾ ਕਰਨਾ ਤੇ ਹਰ ਸਮੇਂ ਪਹਿਰੇਦਾਰੀ ਯਕੀਨੀ ਨਾ ਬਣਾਉਣਾ ਇੱਕ ਵੱਡੀ ਅਣਗਹਿਲੀ ਹੈ, ਜਿਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਘਟਨਾਵਾਂ ਨਾਲ ਦੇਸ਼ ਦੁਨੀਆ ਅੰਦਰ ਬੈਠੇ ਹਰ ਸਿੱਖ ਦਾ ਹਿਰਦਾ ਵਲੂੰਧਰਿਆ ਜਾਂਦਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਕਦੇ ਵੀ ਬਰਦਾਸ਼ਤ ਨਹੀਂ ਕੀਤੇ ਜਾ ਸਕਦੇ ਲਿਹਾਜ਼ਾ ਇਨ੍ਹਾਂ ਨੂੰ ਠੱਲ੍ਹਣ ਲਈ ਸਖ਼ਤ ਕਾਰਵਾਈ ਕਰਨੀ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜਾਂਚ ਮੁਕੰਮਲ ਹੋਣ ਤੱਕ ਸਬੰਧਤ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਤੇ ਪ੍ਰਬੰਧਕਾਂ ਨੂੰ ਬਰਖਾਸਤ ਕਰਨ ਦੇ ਨਾਲ-ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਜਾਂਦਾ ਹੈ। ਜਥੇਦਾਰ ਗੜਗੱਜ ਨੇ ਪੰਜਾਬ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਨੂੰ ਨੂਰਪੁਰ ਜੱਟਾਂ ਪਿੰਡ ਵਿੱਚ ਵਾਪਰੀ ਘਟਨਾ ਦੇ ਦੋਸ਼ੀਆਂ ਦੀ ਤੁਰੰਤ ਭਾਲ ਕਰਕੇ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਦੁਖਦਾਈ ਗੱਲ ਹੈ ਕਿ ਪੰਜਾਬ ਅੰਦਰ ਅੱਜ ਸ਼ਰਾਰਤੀ ਅਨਸਰਾਂ ਦੀ ਇਤਨੀ ਹਿੰਮਤ ਵਧ ਗਈ ਹੈ ਕਿ ਉਹ ਸਾਡੇ ਗੁਰੂ ਘਰਾਂ ਅੰਦਰ ਵੜ ਕੇ ਬੇਅਦਬੀਆਂ ਕਰ ਰਹੇ ਹਨ। ਇਹ ਸਿੱਖਾਂ ਲਈ ਬਹੁਤ ਹੀ ਚਿੰਤਾਜਨਕ ਅਤੇ ਆਪਸ ਵਿੱਚ ਮਿਲ ਬੈਠ ਕੇ ਦੀਰਘ ਵਿਚਾਰ ਵਟਾਂਦਰਾ ਕਰਨ ਦਾ ਮਾਮਲਾ ਹੈ। ਜਥੇਦਾਰ ਗੜਗੱਜ ਨੇ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਇੱਕ ਵਾਰ ਫਿਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਵਿੱਚ ਸਖ਼ਤ ਅਤੇ ਵਿਸ਼ੇਸ਼ ਕਾਨੂੰਨ ਬਣਾਉਣ ਲਈ ਆਖਿਆ ਤਾਂ ਜੋ ਇਨ੍ਹਾਂ ਘਟਨਾਵਾਂ ਨੂੰ ਠੱਲ੍ਹਿਆ ਜਾ ਸਕੇ। ਜਥੇਦਾਰ ਗੜਗੱਜ ਨੇ ਕਿਹਾ ਕਿ ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥ ਗਿਆਨੀ ਜੁਗਿੰਦਰ ਸਿੰਘ ਦੀ ਅਗਵਾਈ ਵਿੱਚ ਪੰਜ ਪਿਆਰੇ ਸਾਹਿਬਾਨ, ਵਧੀਕ ਮੈਨੇਜਰ ਸ. ਹਰਦੇਵ ਸਿੰਘ ਅਤੇ ਸਬ-ਦਫ਼ਤਰ ਦੇ ਇੰਚਾਰਜ ਸ. ਗੁਰਭਾਗ ਸਿੰਘ ਨੂੰ ਤੁਰੰਤ ਘਟਨਾ ਵਾਲੀ ਥਾਂ ਉੱਤੇ ਜਾਂਚ ਕਰਨ ਲਈ ਭੇਜਿਆ ਗਿਆ ਹੈ। ਘਟਨਾ ਸਬੰਧੀ ਪ੍ਰਾਪਤ ਮੁੱਢਲੀ ਜਾਣਕਾਰੀ ਅਨੁਸਾਰ ਇਹ ਸਾਹਮਣੇ ਆਇਆ ਹੈ ਕਿ ਸਬੰਧਤ ਗੁਰੂ ਘਰ ਵਿਖੇ ਕੈਮਰਿਆਂ ਤੇ ਪਹਿਰੇਦਾਰੀ ਦਾ ਪ੍ਰਬੰਧ ਠੀਕ ਨਹੀਂ ਸੀ, ਜਿਸ ਤੋਂ ਪ੍ਰਬੰਧਕ ਕਮੇਟੀ ਦੀ ਅਣਗਹਿਲੀ ਨਜ਼ਰ ਆਉਂਦੀ ਹੈ।

> **ਪੰਜਾਬ ਸਰਕਾਰ ਸੂਬੇ ਅੰਦਰ ਬੇਅਦਬੀਆਂ ਰੋਕਣ ਤੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ 'ਚ ਪੂਰੀ ਤਰ੍ਹਾਂ ਫੇਲ੍ਹ- ਜਥੇਦਾਰ ਕੁਲਦੀਪ ਸਿੰਘ ਗੜਗੱਜ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਛੱਤੀਸਗੜ੍ਹ ਦੇ ਮੁੱਖ ਮੰਤਰੀ ਨਾਲ ਮੁਲਾਕਾਤ ਕਰ ਗੁਰਮਤਿ ਸੰਗੀਤ ਅਕੈਡਮੀ ਖੋਲ੍ਹਣ ਲਈ 10 ਏਕੜ ਜ਼ਮੀਨ ਦੇਣ ਦੀ ਕੀਤੀ ਮੰਗ



**ਨਵੀਂ ਦਿੱਲੀ, 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਕ ਵਫ਼ਦ ਨੇ ਛੱਤੀਸਗੜ੍ਹ ਦੇ ਮੁੱਖ ਮੰਤਰੀ ਸ੍ਰੀ ਵਿਸ਼ਨੂੰਦੇਵ ਸਾਏ ਨਾਲ ਮੁਲਾਕਾਤ ਕਰਕੇ ਰਾਏਪੁਰ ਅੰਦਰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਯਾਦ 'ਚ ਡਿਗਰੀ ਤੇ ਹੁਨਰ ਵਿਕਾਸ ਕਾਲਜ ਅਤੇ ਗੁਰਮਤਿ ਸੰਗੀਤ ਅਕੈਡਮੀ ਦੀ ਸਥਾਪਨਾ ਵਾਸਤੇ 10 ਏਕੜ ਜ਼ਮੀਨ ਮੁਹੱਈਆ ਕਰਵਾਉਣ ਦੀ ਮੰਗ ਕੀਤੀ। ਇਸ ਵਫ਼ਦ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸਿੱਖ ਮਿਸ਼ਨ ਛੱਤੀਸਗੜ੍ਹ ਦੇ ਇੰਚਾਰਜ ਸ. ਗੁਰਮੀਤ ਸਿੰਘ ਸੈਣੀ, ਸਥਾਨਕ ਸਿੱਖ ਆਗੂ ਸ. ਗੁਰਮੇਲ ਸਿੰਘ ਭੰਵਰਾ, ਸਾਬਕਾ ਐਸਪੀ ਸ. ਅਮਰਜੀਤ ਸਿੰਘ ਛਾਬੜਾ, ਘੱਟਗਿਣਤੀ ਕਮਿਸ਼ਨ ਛੱਤੀਸਗੜ੍ਹ ਦੇ ਚੇਅਰਮੈਨ ਸ. ਜਗਜੀਤ ਸਿੰਘ ਖਨੂਜਾ ਤੇ ਸ੍ਰੀ ਪਰਿੰਦਰ ਮਿਸ਼ਰਾ ਸ਼ਾਮਲ ਸਨ। ਸ਼੍ਰੋਮਣੀ ਕਮੇਟੀ ਵੱਲੋਂ ਮੁੱਖ ਮੰਤਰੀ ਨੂੰ ਸੌਂਪੇ ਪੱਤਰ ਵਿਚ ਕਿਹਾ ਗਿਆ ਕਿ ਛੱਤੀਸਗੜ੍ਹ ਰਾਜ ਵਿਚ ਸਿੱਖਾਂ ਦੀ ਵੱਡੀ ਅਬਾਦੀ ਹੈ ਅਤੇ ਹਰ ਜ਼ਿਲ੍ਹੇ ਵਿਚ ਵੱਸੇ ਸਿੱਖ ਪਰਿਵਾਰ ਛੱਤੀਸਗੜ੍ਹ ਦੇ ਵਿਕਾਸ ਵਿਚ ਅਹਿਮ ਯੋਗਦਾਨ ਪਾ ਰਹੇ ਹਨ। ਸਿੱਖਾਂ ਦਾ ਆਪਣਾ ਵਿਲੱਖਣ ਧਰਮ ਇਤਿਹਾਸ ਹੈ, ਜਿਸ ਵਿੱਚੋਂ ਪੂਰੀ ਮਨੁੱਖਤਾ ਨੂੰ ਜੋੜਨ ਦਾ ਰਾਹ ਦਿਸਦਾ ਹੈ। ਸਿੱਖਾਂ ਦੀ ਛੱਤੀਸਗੜ੍ਹ ਰਾਜ ਅੰਦਰ ਵੱਡੀ ਗਿਣਤੀ ਨੂੰ ਦੇਖਦਿਆਂ ਸ਼੍ਰੋਮਣੀ ਕਮੇਟੀ ਇਥੇ ਦੀ ਰਾਜਧਾਨੀ ਰਾਏਪੁਰ ਦੇ ਨਵਾਂ ਰਾਏਪੁਰ ਅਟਲ ਨਗਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਯਾਦ ਵਿਚ ਡਿਗਰੀ ਅਤੇ ਹੁਨਰ ਵਿਕਾਸ ਕਾਲਜ ਦੇ ਨਾਲ-ਨਾਲ ਗੁਰਮਤਿ ਸੰਗੀਤ ਅਕੈਡਮੀ ਖੋਲ੍ਹਣਾ ਚਾਹੁੰਦੀ ਹੈ, ਇਸ ਵਾਸਤੇ ਸਰਕਾਰ 10 ਏਕੜ ਜ਼ਮੀਨ ਦੇਣ ਦੀ ਪਹਿਲਕਦਮੀਂ ਕਰੇ, ਤਾਂ ਜੋ ਇਹ ਸੰਸਥਾਵਾਂ ਸਮਾਜਿਕ ਅਤੇ ਭਾਈਚਾਰਕ ਮਜ਼ਬੂਤੀ ਲਈ ਕਾਰਜਸ਼ੀਲ ਹੋ ਸਕਣ। ਵਫ਼ਦ ਨੇ ਮੁੱਖ ਮੰਤਰੀ ਨੂੰ ਕਿਹਾ ਕਿ ਜੇਕਰ ਸਰਕਾਰ ਇਹ ਕਾਰਜ ਕਰਦੀ ਹੈ ਤਾਂ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਨੁਮਾਇੰਦਾ ਸੰਸਥਾ ਹੋਣ ਕਰਕੇ ਇਸ 'ਤੇ ਉਸਾਰੀ ਖ਼ੁਦ ਕਰੇਗੀ। ਵਫ਼ਦ ਆਗੂ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪਹਿਲਾਂ ਹੀ ਪੰਜਾਬ ਅੰਦਰ ਵੱਡੀ ਗਿਣਤੀ ਵਿਚ ਵਿਦਿਅਕ ਅਦਾਰੇ ਚਲਾ ਰਹੀ ਹੈ ਅਤੇ ਇਸ ਤੋਂ ਇਲਾਵਾ ਦੇਸ਼ ਦੇ ਹੋਰਨਾਂ ਸੂਬਿਆਂ ਵਿਚ ਵੀ ਵਿਦਿਆ ਦੇ ਪ੍ਰਚਾਰ ਪ੍ਰਸਾਰ ਲਈ ਮੋਹਰੀ ਹੈ। ਇਸ ਦੀ ਉਦਾਹਰਣ ਮੁੰਬਈ ਵਿਖੇ ਸ਼੍ਰੋਮਣੀ ਕਮੇਟੀ ਦੀ ਸਫ਼ਲਤਾਪੂਰਵਕ ਚੱਲ ਰਹੀ ਵਿਦਿਅਕ ਸੰਸਥਾ ਹੈ। ਭਾਈ ਮਹਿਤਾ ਨੇ ਕਿਹਾ ਕਿ ਛੱਤੀਸਗੜ੍ਹ ਅੰਦਰ ਸਿੱਖਾਂ ਦੀ ਮੰਗ ਮੁੱਖ ਮੰਤਰੀ ਸਾਹਮਣੇ ਰੱਖੀ ਗਈ ਹੈ, ਜਿਸ ਪ੍ਰਤੀ ਉਨ੍ਹਾਂ ਨੇ ਸੰਜੀਦਗੀ ਨਾਲ ਵਿਚਾਰ ਕਰਨ ਦਾ ਭਰੋਸਾ ਦਿੱਤਾ ਹੈ।

## ਐਡਵੋਕੇਟ ਜਨਰਲ ਦੇ ਦਫਤਰ ਵਿੱਚ ਐਸ.ਸੀ ਭਾਈਚਾਰੇ ਨੂੰ ਰਾਖਵਾਂਕਰਨ ਦੇਣ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ- ਪ੍ਰੋ. ਬਲਜਿੰਦਰ ਕੌਰ

### (ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਡਾ. ਭੀਮ ਰਾਓ ਅੰਬੇਡਕਰ ਦੀ ਸੋਚ ਅਨੁਸਾਰ ਕੰਮ ਕਰ ਰਹੀ ਹੈ)




**ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਚੀਫ਼ ਵਿਪ ਤੇ ਤਲਵੰਡੀ ਸਾਬੋ ਤੋਂ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਅੱਜ ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਭਾਰਤ ਰਤਨ, ਸੰਵਿਧਾਨ ਨਿਰਮਾਤਾ, ਯੁੱਗ ਪੁਰਸ਼ ਡਾ. ਭੀਮ ਰਾਓ ਅੰਬੇਡਕਰ ਜੀ ਦੇ ਸੋਚ ਅਤੇ ਸਿਧਾਂਤ ਅਨੁਸਾਰ ਕੰਮ ਕਰ ਰਹੀ ਹੈ। ਇਸ ਮੌਕੇ ਉਹਨਾਂ ਦੇ ਨਾਲ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸ. ਜਤਿੰਦਰ ਸਿੰਘ ਭੱਲਾ, ਚੈਅਰਪਰਸਨ ਮਾਰਕਿਟ ਕਮੇਟੀ ਰਾਮਾਂ ਗੁਰਪ੍ਰੀਤ ਕੌਰ ਅਤੇ ਪਿੰਡ ਜਗਾ ਰਾਮ ਤੀਰਥ ਦੇ ਸਰਪੰਚ ਜਸਵਿੰਦਰ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਵਿਧਾਇਕ ਬਲਜਿੰਦਰ ਕੌਰ ਨੇ ਕਿਹਾ ਕਿ ਐਡਵੋਕੇਟ ਜਨਰਲ ਦੇ ਦਫਤਰ ਵਿੱਚ ਐਸ.ਸੀ ਭਾਈਚਾਰੇ ਲਈ ਰਾਖਵਾਂਕਰਨ ਦੇਣ ਦੀ ਪਹਿਲ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ ਹੈ। ਵਿਧਾਇਕ ਨੇ ਇਸ ਲਈ ਜਿੱਥੇ ਸੂਬੇ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਉੱਥੇ ਹੀ ਐਸ.ਸੀ ਭਾਈਚਾਰੇ ਨੂੰ ਇਸ ਪ੍ਰਾਪਤੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਹਮੇਸ਼ਾ ਹੀ ਪਿਛੜੇ ਵਰਗਾਂ ਦੀ ਤਰੱਕੀ ਨੂੰ ਤਰਜੀਹ ਦਿੱਤੀ ਹੈ। ਉਹਨਾਂ ਨੇ ਕਿਹਾ ਕਿ ਅਸੀਂ ਸ਼ਹੀਦ ਏ ਆਜ਼ਮ ਸ. ਭਗਤ ਸਿੰਘ ਅਤੇ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਜੀ ਦੀ ਸੋਚ ਨਾਲ ਸਰਕਾਰ ਚਲਾ ਰਹੇ ਹਾਂ ਅਤੇ ਇਸੇ ਲਈ ਸਾਰੇ ਸਰਕਾਰੀ ਦਫਤਰਾਂ ਵਿੱਚ ਮੁੱਖ ਮੰਤਰੀ ਦੀ ਤਸਵੀਰ ਲਗਾਉਣ ਦੀ ਬਜਾਏ ਡਾ. ਭੀਮ ਰਾਓ ਅੰਬੇਡਕਰ ਜੀ ਅਤੇ ਸ਼ਹੀਦ ਭਗਤ ਸਿੰਘ ਦੀ ਤਸਵੀਰ ਲਗਾਈ ਗਈ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਏ.ਜੀ ਦਫਤਰ ਵਿੱਚ ਰਾਖਵੇਂਕਰਨ ਦੀ ਮੰਗ 2017 ਤੋਂ ਉਠਾਈ ਜਾ ਰਹੀ ਸੀ ਪਰ ਪਿਛਲੀਆਂ ਸਰਕਾਰਾਂ ਨੇ ਇਸ ਤੇ ਕੋਈ ਧਿਆਨ ਨਹੀਂ ਦਿੱਤਾ ਜਦਕਿ ਹੁਣ ਪੰਜਾਬ ਸਰਕਾਰ ਨੇ ਐਸ.ਸੀ ਭਾਈਚਾਰੇ ਲਈ 58 ਪੋਸਟਾਂ ਰਾਖਵੀਆਂ ਕਰ ਦਿੱਤੀਆਂ ਹਨ। ਉਹਨਾਂ ਇਹ ਵੀ ਕਿਹਾ ਕਿ ਇਸ ਤੋਂ ਬਿਨਾਂ ਬੈਕਲੋਗ ਦੇ ਅਧਿਐਨ ਤੋਂ ਪਤਾ ਲੱਗਿਆ ਕਿ ਆਮਦਨ ਦੀ ਸ਼ਰਤ ਕਾਰਨ ਵੀ ਐਸੀ ਭਾਈਚਾਰੇ ਲਈ ਰਾਖਵੀਆਂ ਸੀਟਾਂ ਖਾਲੀ ਰਹਿ ਸਕਦੀਆਂ ਸਨ ਇਸ ਲਈ ਪੰਜਾਬ ਸਰਕਾਰ ਵੱਲੋਂ ਆਮਦਨ ਦੀ ਸ਼ਰਤ ਵਿੱਚ ਵੀ ਐਸੀ ਭਾਈਚਾਰੇ ਦੇ ਲੋਕਾਂ ਨੂੰ ਛੋਟ ਦਿੱਤੀ ਗਈ ਤਾਂ ਜੋ ਉਹ ਏ.ਜੀ ਪੰਜਾਬ ਦੇ ਦਫਤਰ ਵਿੱਚ ਸਰਕਾਰੀ ਵਕੀਲ ਵਜੋਂ ਨਾਮਜਦ ਹੋ ਕੇ ਸਰਕਾਰ ਦੇ ਨਾਲ ਨਾਲ ਸਮਾਜ ਦੇ ਪਿਛੜੇ ਵਰਗ ਦੇ ਲੋਕਾਂ ਦੀ ਆਵਾਜ਼ ਵੀ ਕੋਰਟ ਵਿੱਚ ਰੱਖ ਸਕਣ। ਉਹਨਾਂ ਨੇ ਕਿਹਾ ਕਿ ਇਸ ਨਾਲ ਐਸ.ਸੀ ਭਾਈਚਾਰੇ ਦੇ ਲੋਕਾਂ ਨੂੰ ਭਵਿੱਖ ਵਿੱਚ ਜੱਜ ਬਣਨ ਵਿੱਚ ਵੀ ਸਹੂਲਤ ਹੋਵੇਗੀ ਕਿਉਂਕਿ ਏ.ਜੀ ਪੰਜਾਬ ਵਿੱਚ ਕੰਮ ਕੀਤੇ ਜਾਣ ਦਾ ਤਜਰਬਾ ਉਹਨਾਂ ਲਈ ਲਾਭਕਾਰੀ ਸਿੱਧ ਹੋਵੇਗਾ। ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਪਿਛੜੇ ਵਰਗਾਂ ਦੀ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਲਈ ਭਵਿੱਖ ਵਿੱਚ ਵੀ ਹਰ ਉਪਰਾਲਾ ਕੀਤਾ ਜਾਵੇਗਾ। ਉਹਨਾਂ ਨੇ ਇਸ ਮੌਕੇ ਵਿਸ਼ੇਸ਼ ਤੌਰ 'ਤੇ ਇਹ ਵੀ ਦੱਸਿਆ ਕਿ ਸਮਾਜ ਦੇ ਪਿਛੜੇ ਵਰਗਾਂ ਦੇ ਬੱਚੇ ਪੜ੍ਹਾਈ ਕਰ ਸਕਣ ਇਸ ਲਈ ਸਰਕਾਰ ਵੱਲੋਂ ਨਿਰਵਿਘਨ ਵਜ਼ੀਫੇ ਵੀ ਦਿੱਤੇ ਜਾ ਰਹੇ ਹਨ।

ਬਿਜ਼ਨਸ ਸਟੱਡੀਜ਼ ਵਿਭਾਗ ਵੱਲੋਂ ਵਿਦਿਆਥੀਆਂ 'ਚ

# ਸਮਾਜਿਕ ਏਕਤਾ ਦੀ ਭਾਵਨਾ ਉਜਾਗਰ ਕਰਨ ਲਈ ਤੰਬੋਲਾ ਖੇਲ ਕਿਰਿਆ ਦਾ ਆਯੋਜਨ



**ਤਲਵੰਡੀ ਸਾਬੋ, 18 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਪੜ੍ਹਾਈ ਦੇ ਨਾਲ-ਨਾਲ ਉਹਨਾਂ ਦੀ ਸਖਸ਼ੀਅਤ ਨੂੰ ਨਿਖਾਰਨ ਲਈ ਸਮੇਂ-ਸਮੇਂ ਅਲੱਗ ਅਲੱਗ ਕ੍ਰਿਆਵਾਂ ਦਾ ਆਯੋਜਨ ਕਰਵਾਇਆ ਜਾਂਦਾ ਹੈ। ਇਸੇ ਕੜੀ ਤਹਿਤ ਸਮਾਜਿਕ ਨੈਤਿਕ ਕਦਰਾਂ ਨੂੰ ਪ੍ਰਫੁੱਲਤ ਕਰਨ ਦੇ ਮਕਸਦ ਨਾਲ ਵਿਭਾਗ ਵਿਖੇ ਤੰਬੋਲਾ ਗੇਮ ਦਾ ਆਯੋਜਨ ਕਰਵਾਇਆ ਗਿਆ ਜਿਸ ਦੀ ਮਹੱਤਤਾ ਇਸਦੇ ਸਮਾਜਿਕ ਪਹਿਲੂ ਵਿੱਚ ਹੈ ਜੋ ਲੋਕਾਂ ਨੂੰ ਇੱਕਜੁਟ ਰਹਿਣ ਲਈ ਪ੍ਰੇਰਿਤ ਕਰਨ ਦਾ ਕੰਮ ਕਰਦੀ ਹੈ। ਗੇਮ ਦੇ ਵਿਸ਼ਾ ਮਾਹਿਰ ਡਾ. ਵਿਕਾਸਦੀਪ ਅਤੇ ਡਾ. ਸ਼ਸ਼ੀ ਅਗਰਵਾਲ ਨੇ ਤੰਬੋਲਾ ਖੇਲ ਦੇ ਨਿਯਮਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਅਤੇ ਖੇਲ ਟਿਕਟ ਦਾ ਨਿਰਮਾਣ ਕੀਤਾ। ਇਸ ਖੇਲ ਕਿਰਿਆ ਦੀ ਮੇਜ਼ਬਾਨੀ ਬੀਬੀਏ ਦੇ ਵਿਦਿਆਰਥੀ ਅਨਮੋਲ ਅਤੇ ਸਪਨਾ ਨੇ ਨਿਭਾਈ ਜਦੋਂ ਕਿ ਸਮਾਗਮ ਦਾ ਸੰਚਾਲਨ ਲਈ ਦਿਵਿਆ, ਰੇਸ਼ਮ ਸਿੰਘ, ਖੁਸ਼ਬੂ, ਸੁਖਪ੍ਰੀਤ, ਕੋਮਲ ਅਤੇ ਰਮਨਪ੍ਰੀਤ ਨੇ ਕੀਤਾ। ਇਸ ਗੇਮ ਵਿੱਚ ਐਮ.ਬੀ.ਏ, ਐਮ.ਕਾਮ, ਬੀ.ਬੀ.ਏ ਅਤੇ ਬੀ.ਕਾਮ ਕੋਰਸਾਂ ਦੇ ਵਿਦਿਆਰਥੀਆਂ ਤੋਂ ਇਲਾਵਾ ਡਾ ਸ਼ਸ਼ੀ ਅਗਰਵਾਲ, ਡਾ. ਦਿਆਲ ਭਟਨਾਗਰ ਤੇ ਖੋਜਾਰਥੀ ਵੰਦਨਾ ਵੀ ਭਾਗੀਦਾਰ ਵਜੋਂ ਸ਼ਾਮਲ ਹੋਏ। ਸੁਖਵੀਰ ਸਿੰਘ, ਕਮਲ ਧਾਲੀਵਾਲ, ਮੋਨਾਲੀਕਾ ਅਤੇ ਸ਼ਿਵ ਕੁਮਾਰ ਇਸ ਪ੍ਰਤੀਯੋਗਤਾ ਵਿੱਚ ਜੇਤੂ ਰਹੇ ਜਿਨ੍ਹਾਂ ਨੂੰ ਸ਼ਸ਼ੀ ਅਗਰਵਾਲ ਯੂਟਿਊਬ ਚੈਨਲ ਦੁਆਰਾ ਸਪਾਂਸਰਡ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਵਿਭਾਗ ਦੇ ਸੀਨੀਅਰ ਫੈਕਲਟੀ, ਪ੍ਰੋਫੈਸਰ ਡਾ. ਆਨੰਦ ਬਾਂਸਲ ਨੇ ਵੀ ਆਪਣੇ ਵਿਚਾਰ ਰੱਖੇ। ਵਿਭਾਗ ਮੁਖੀ ਡਾ. ਨਰਿੰਦਰ ਕੌਰ ਨੇ ਆਪਣੇ ਸੰਬੋਧਨ ਵਿੱਚ ਵਿਸ਼ਾ ਮਾਹਿਰਾਂ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਉਹਨਾਂ ਆਸ ਪ੍ਰਗਟ ਕੀਤੀ ਕਿ ਇਸ ਕਿਰਿਆ ਦਾ ਆਯੋਜਨ ਨਿਸ਼ਿਚਤ ਤੌਰ 'ਤੇ ਸਮਾਜਿਕ ਏਕਤਾ ਦੀ ਭਾਵਨਾ ਨੂੰ ਉਜਾਗਰ ਕਰਨ ਦਾ ਇੱਕ ਸਾਰਥਕ ਉਪਰਾਲਾ ਸਿੱਧ ਹੋਵੇਗਾ।

> ਬਿਜ਼ਨਸ ਸਟੱਡੀਜ਼ ਵਿਭਾਗ ਵੱਲੋਂ ਵਿਦਿਆਥੀਆਂ 'ਚ ਸਮਾਜਿਕ ਏਕਤਾ ਦੀ ਭਾਵਨਾ ਉਜਾਗਰ ਕਰਨ ਲਈ ਤੰਬੋਲਾ ਖੇਲ ਕਿਰਿਆ ਦਾ ਆਯੋਜਨ

ਐਨ. ਐਸ. ਏ. ਵਧਾ ਕੇ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਨੂੰ ਰੋਕਣਾ

# ਲੋਕਤੰਤਰ ਤੇ ਖਡੂਰ ਸਾਹਿਬ ਦੇ ਵੋਟਰਾਂ ਨਾਲ ਬਹੁਤ ਵੱਡਾ ਧੋਖਾ ਹੋਵੇਗਾ : ਸ਼ਮਸ਼ੇਰ ਸਿੰਘ ਪੱਧਰੀ





**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਤਾਜ਼ਾ ਮਿਲੀ ਜਾਣਕਾਰੀ ਅਨੁਸਾਰ ਭਾਈ ਅੰਮ੍ਰਿਤਪਾਲ ਸਿੰਘ ਜੀ ਉੱਤੇ ਲਾਈ ਗਈ ਰਾਸ਼ਟਰੀ ਸੁਰੱਖਿਆ ਐਕਟ (ਐਨ. ਐਸ. ਏ.) ਦੀ ਮਿਆਦ ਵਿੱਚ ਮੁੜ ਵਾਧਾ ਕਰਨ ਦੀ ਜਾਣਕਾਰੀ ਮਿਲੀ ਹੈ। ਜੇਕਰ ਅਜਿਹਾ ਹੁੰਦਾ ਹੈ ਤਾਂ ਇਹ ਫੈਸਲਾ ਨਾਂ ਸਿਰਫ਼ ਸਿੱਖ ਕੌਮ ਲਈ ਦੁੱਖਦਾਈ ਹੈ, ਸਗੋਂ ਇਹ ਖਡੂਰ ਸਾਹਿਬ ਤੋਂ ਲੋਕਤੰਤਰ ਪ੍ਰਣਾਲੀ ਰਾਹੀਂ ਚੁਣੇ ਹੋਏ ਮੈਂਬਰ ਪਾਰਲੀਮੈਂਟ ਨੂੰ ਉਸਦੇ ਅਧਿਕਾਰਾਂ ਤੋਂ ਵਾਂਝਾ ਰੱਖਣ ਵਾਲੀ ਸਰਕਾਰੀ ਜ਼ਬਰਦਸਤੀ ਹੋਵੇਗੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਤੋਂ ਕਾਰਜਕਾਰੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਕੀਤਾ। ਉਹਨਾਂ ਕਿਹਾ ਕਿ 22 ਅਪ੍ਰੈਲ ਨੂੰ ਜਦੋਂ ਉਨ੍ਹਾਂ ਨੂੰ ਵੀ ਬਾਕੀ ਸਿੱਖ ਕੈਦੀਆਂ ਵਾਂਗ ਡਿਬਰੂਗੜ੍ਹ ਤੋਂ ਪੰਜਾਬ ਲਿਆਂਦੇ ਜਾਣ ਤੋਂ ਪਹਿਲਾਂ ਹੀ ਉਨ੍ਹਾਂ ਦੀ ਪੰਜਾਬ ਵਾਪਸੀ ਦੇ ਪਲਾਂ ਨੂੰ ਅਚਾਨਕ ਐਨ. ਐਸ. ਏ. ਵਧਾ ਕੇ ਕੁੱਚਲ ਦੇਣਾ ਇਕ ਗੈਰ-ਸੰਵਿਧਾਨਿਕ ਕਾਰਵਾਈ ਹੋਵੇਗੀ। ਇਹ ਇੱਕ ਯੋਜਨਾਬੱਧ ਚਾਲ ਹੈ, ਜਿਸ ਰਾਹੀਂ ਕੇਂਦਰ ਤੇ ਪੰਜਾਬ ਸਰਕਾਰ ਭਾਈ ਅੰਮ੍ਰਿਤਪਾਲ ਸਿੰਘ ਵਲੋਂ ਸੰਸਦ ਵਿਚ ਪੰਜਾਬੀ ਤੇ ਸਿੱਖ ਹਿੱਤਾਂ ਦੀ ਅਵਾਜ਼ ਪਹੁੰਚਣ ਦੇ ਰਸਤੇ ਵਿੱਚ ਦੀਵਾਰ ਬਣ ਰਹੀ ਹੈ। ਭਾਈ ਪੱਧਰੀ ਨੇ ਸਰਕਾਰ ਦੀ ਇਸ ਨਵੀਂ ਪੈਂਤੜੇਬਾਜੀ ਦੀ ਸਖ਼ਤ ਨਿਖੇਧੀ ਕਰਦਿਆਂ ਹੋਇਆਂ ਕਿਹਾ ਕੀ ਭਾਈ ਅੰਮ੍ਰਿਤਪਾਲ ਸਿੰਘ ਜੋ ਕਿ ਪੰਜਾਬ ਦੀ ਜਨਤਾ ਵੱਲੋਂ ਖਡੂਰ ਸਾਹਿਬ ਤੋਂ ਜਿੱਤ ਕੇ ਲੋਕ ਸਭਾ ਵਿਚ ਪਹੁੰਚੇ ਹਨ, ਉਨ੍ਹਾਂ ਨੂੰ ਰਿਹਾ ਨਾਂ ਹੋਣ ਦੇਣਾਂ ਜਾਂ ਪੰਜਾਬ ਨਾਂ ਆਉਣ ਦੇਣਾਂ ਇਹ ਕੇਵਲ ਇਕ ਆਗੂ ਦੀ ਨਜ਼ਰਬੰਦੀ ਨਹੀਂ, ਸਗੋਂ ਖਡੂਰ ਸਾਹਿਬ ਦੇ ਲੱਖਾਂ ਵੋਟਰਾਂ ਦੀ ਆਵਾਜ਼ ਅਤੇ ਸਿੱਖ ਕੌਮ ਦੀਆ ਭਾਵਨਾਂਵਾਂ ਨੂੰ ਕੈਦ ਕਰਨ ਦੇ ਬਰਾਬਰ ਹੈ। ਉਹਨਾਂ ਕਿਹਾ ਕਿ ਅਸੀਂ ਸਰਕਾਰਾਂ ਤੋਂ ਪੁੱਛਣਾ ਚਾਹੁੰਦੇ ਹਾਂ ਕਿ ਕੀ ਜਨਤਾ ਵੱਲੋਂ ਚੁਣੇ ਆਗੂ ਨੂੰ ਨਿਆਂ ਲੈਣ ਦਾ ਹੱਕ ਨਹੀਂ ? ਕੀ ਸੰਸਦ ਦੀ ਸੀਟ ਤੇ ਜਿੱਤ ਕੇ ਵੀ ਕੋਈ ਵਿਅਕਤੀ ਆਪਣੇ ਹੱਕ ਦੀ ਗੱਲ ਨਹੀਂ ਕਰ ਸਕਦਾ ? ਅਜਿਹਾ ਕਰਨਾਂ ਸ਼ਰੇਆਮ ਲੋਕਤੰਤਰ ਨੂੰ ਚੌਰਾਹੇ ਵਿੱਚ ਫਾਹੇ ਲਾਉਣ ਸਮਾਨ ਹੋਵੇਗਾ। ਭਾਈ ਪੱਧਰੀ ਨੇ ਅਖੀਰ ਵਿੱਚ ਇਕ ਵਾਰ ਫਿਰ ਤੋਂ ਕਿਹਾ ਕਿ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵੱਲੋਂ ਇਸ ਤਨਾਸ਼ਾਹੀ ਦੀ ਸਖ਼ਤ ਰੂਪ ਵਿੱਚ ਨਿਖੇਧੀ ਕਰਦਾ ਹੈ ਅਤੇ ਅਸੀਂ ਮੰਗ ਕਰਦੇ ਹਾਂ ਕਿ ਭਾਈ ਅੰਮ੍ਰਿਤਪਾਲ ਸਿੰਘ ਜੀ ਤੇ ਲੱਗੀ ਐਨ. ਐਸ. ਏ. ਨੂੰ ਤੁਰੰਤ ਪ੍ਰਭਾਵ ਨਾਲ ਹਟਾਉਂਦਿਆ ਪੰਜਾਬ ਸ਼ਿਫਟ ਕੀਤਾ ਜਾਵੇ। ਉਨ੍ਹਾਂ ਨੂੰ ਆਪਣੀ ਸੰਸਦੀ ਜ਼ਿੰਮੇਵਾਰੀ ਨਿਭਾਉਣ ਦਾ ਪੂਰਾ ਮੌਕਾ ਦਿੱਤਾ ਜਾਵੇ। ਖਡੂਰ ਸਾਹਿਬ ਦੀ ਆਵਾਜ਼ ਨੂੰ ਸੰਸਦ 'ਚ ਪੁੱਜਣ ਤੋਂ ਨਾ ਰੋਕਿਆ ਜਾਵੇ। ਜੇਕਰ ਭਾਰਤ ਦਾ ਢਾਂਚਾ ਲੋਕਤੰਤਰ ਤੇ ਖੜ੍ਹਾ ਹੈ ਤਾਂ ਇਨਸਾਫ਼ ਹੋਣਾ ਚਾਹੀਦਾ ਹੈ।

> ਅਜਿਹਾ ਕਰਨਾ ਸ਼ਰੇਆਮ ਲੋਕਤੰਤਰ ਨੂੰ ਚੌਰਾਹੇ ਵਿੱਚ ਫਾਹੇ ਲਾ ਦੇਣ ਦੇ ਬਰਾਬਰ ਹੋਵੇਗਾ

# ਨਨਕਾਣਾ ਸਾਹਿਬ ਯਾਤਰਾ ਜਾਣ ਵਾਲੇ ਯਾਤਰੂ ਅਪਣੇ ਪਾਸਪੋਰਟ 1 ਮਈ ਤੱਕ ਭਾਈ ਮਰਦਾਨਾ ਸੋਸਾਇਟੀ ਨੂੰ ਜਮਾ ਕਰਵਾਉਣ : ਭੁੱਲਰ



ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ):— ਸ਼ਹੀਦੀ ਗੁਰੂਪੁਰਬ ਸ਼੍ਰੀ ਗੁਰੂ ਅਰਜਨ ਦੇਵ ਜੀ ਅਤੇ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਉਣ ਲਈ ਪਾਕਿਸਤਾਨ ਨਨਕਾਣਾ ਸਾਹਿਬ ਜਾਣ ਵਾਲੇ ਯਾਤਰੂ ਅਪਣੇ ਪਾਸਪੋਰਟ ਭਾਈ ਮਰਦਾਨਾ ਸੋਸਾਇਟੀ ਨੂੰ ਜਮਾ ਕਰਵਾਉਣ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਜੂਨ ਮਹੀਨੇ ਵਿਚ ਦੋ ਜਥੇ ਨਨਕਾਣਾ ਸਾਹਿਬ ਪਾਕਿਸਤਾਨ ਜਾਣਗੇ। ਉਨ੍ਹਾਂ ਦੱਸਿਆ ਕਿ ਪਹਿਲਾ ਜਥਾ 8 ਜੂਨ ਤੋਂ 17 ਜੂਨ ਸ਼ਹੀਦੀ ਦਿਵਸ ਗੁਰੂ ਅਰਜਨ ਦੇਵ ਜੀ ਅਤੇ ਦੂਜਾ ਜਥਾ 21 ਜੂਨ ਤੋ 30 ਜੂਨ ਬਰਸੀ ਮਹਾਰਾਜਾ ਰਣਜੀਤ ਸਿੰਘ ਜੀ ਮਨਾਉਣ ਲਈ ਪਾਕਿਸਤਾਨ ਵਿਖੇ ਜਾਵੇਗਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋਨਾਂ ਦਾ ਪ੍ਰੋਗਰਾਮ 10 ਦਿਨਾ ਦਾ ਹੀ ਹੋਵੇਗਾ ਅਤੇ ਜਥਾ ਨਨਾਕਾਣਾ ਸਾਹਿਬ ਅਤੇ ਸ਼ਹਿਰ ਦੇ ਹੋਰ ਗੁਰੂਦੁਆਰੇ, ਗੁਰੂਦੁਆਰਾ ਪੰਜਾ ਸਾਹਿਬ, ਗੁਰੂਦੁਆਰਾ ਸਚਾ ਸੋਦਾ, ਗੁਰੂਦੁਆਰਾ ਰੋੜੀ ਸਾਹਿਬ, ਗੁਰੂਦੁਆਰਾ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਕੇ ਲਹੋਰ ਗੁਰੂਦੁਆਰਾ ਡੇਹਰਾ ਸਾਹਿਬ ਆਵੇਗਾ। ਯਾਤਰਾ ਜਾਣ ਦੇ ਇਛੁੱਕ ਯਾਤਰੀ ਪਾਸਪੋਰਟ, ਪਾਸਪੋਰਟ ਦੀ ਇਕ ਫੋਟੋ ਕਾਪੀ, ਦੋ ਫੋਟੋਆ ਅਤੇ ਮੋਬਾਇਲ ਨੰਬਰ ਬਗਦਾਦੀ ਗੇਟ ਫਿਰੋਜਪੁਰ ਸ਼ਹਿਰ ਵਿਖੇ ਜਮਾ ਕਰਵਾ ਸਕਦੇ ਹਨ ਅਤੇ ਇਨ੍ਹਾਂ ਨੰਬਰਾਂ ਉਪਰ ਸੰਪਰਕ ਵੀ ਕਰ ਸਕਦੇ ਹਨ, ਜੋ 9814511007 8837750008 ਹੈ ਅਤੇ ਇਹ ਸਾਰੀ ਯਾਤਰਾ ਏ.ਸੀ ਬੱਸਾਂ ਉਪਰ ਹੋਵੇਗੀ ਅਤੇ ਯਾਤਰੂਆਂ ਨੂੰ ਕਮਰੇ ਵੀ ਦਿਤੇ ਜਾਣਗੇ।

# ਸਦਰ ਬਾਜ਼ਾਰ ਵਿੱਚ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਉਤਸਵ ਬੜੀ ਧੂਮਧਾਮ ਨਾਲ ਮਨਾਇਆ ਗਿਆ

## ਗੁਰੂ ਤੇਗ ਬਹਾਦਰ ਜੀ ਨੇ ਸਾਬਤ ਕੀਤਾ ਇੱਕ ਸੱਚਾ ਗੁਰੂ ਸਿਰਫ਼ ਉਪਦੇਸ਼ ਹੀ ਨਹੀਂ ਦਿੰਦਾ, ਉਹ ਯੁੱਗ ਦੇ ਹਨੇਰੇ ਵਿੱਚ ਦੀਵੇ ਵਾਂਗ ਬਲਦਾ ਵੀ ਹੈ: ਪੰਮਾ





ਨਵੀਂ ਦਿੱਲੀ 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-ਸਿੱਖਾਂ ਦੇ ਨੌਵੇਂ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਉਤਸਵ ਸਦਰ ਬਾਜ਼ਾਰ ਦੇ ਕੁਤੁਬ ਰੋਡ 'ਤੇ ਫੈਡਰੇਸ਼ਨ ਆਫ਼ ਸਦਰ ਬਾਜ਼ਾਰ ਟਰੇਡ ਐਸੋਸੀਏਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ, ਪ੍ਰਧਾਨ ਸ਼੍ਰੀ ਰਾਕੇਸ਼ ਯਾਦਵ, ਜਨਰਲ ਸਕੱਤਰ ਸਤਪਾਲ ਸਿੰਘ ਮੰਗਾ, ਕਮਲ ਕੁਮਾਰ, ਕਾਰਜਕਾਰੀ ਪ੍ਰਧਾਨ ਚੌਧਰੀ ਯੋਗੇਂਦਰ ਸਿੰਘ, ਖਜ਼ਾਨਚੀ ਦੀਪਕ ਮਿੱਤਲ, ਬਾਰੀ ਮਾਰਕੀਟ ਦੇ ਸੀਨੀਅਰ ਉਪ ਪ੍ਰਧਾਨ ਵਰਿੰਦਰ ਆਰੀਆ ਅਤੇ ਹੋਰ ਬਹੁਤ ਸਾਰੇ ਵਪਾਰੀਆਂ ਦੁਆਰਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਸਾਰੇ ਕਾਰੋਬਾਰੀਆਂ ਨੇ ਦੇਸ਼ ਦੀ ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਅਤੇ ਪ੍ਰਸ਼ਾਦ ਵੰਡਿਆ ਅਤੇ ਸਾਰਿਆਂ ਨੂੰ ਗੁਰੂ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਸਦਰ ਬਾਜ਼ਾਰ ਸਮੂਹ ਭਾਈਚਾਰੇ ਦਾ ਇੱਕ ਵਿਲੱਖਣ ਉਦਾਹਰਣ ਹੈ ਕਿਉਂਕਿ ਇੱਥੇ ਸਾਰੇ ਧਰਮਾਂ ਦੇ ਲੋਕ ਇੱਕ ਦੂਜੇ ਦੇ ਤਿਓਹਾਰ ਅਤੇ ਪ੍ਰੋਗਰਾਮ ਇਕੱਠੇ ਮਿਲਕੇ ਮਨਾਉਂਦੇ ਹਨ। ਇਸ ਮੌਕੇ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਉਤਸਵ ਦੇਸ਼ ਭਰ ਵਿੱਚ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ, ਵੱਡੀ ਗਿਣਤੀ ਵਿੱਚ ਸ਼ਰਧਾਲੂ ਗੁਰਦੁਆਰਿਆਂ ਵਿੱਚ ਜਾ ਰਹੇ ਹਨ ਅਤੇ ਪ੍ਰਾਰਥਨਾ ਕਰ ਰਹੇ ਹਨ। ਉਨ੍ਹਾਂ ਦਸਿਆ ਕਿ ਗੁਰੂ ਤੇਗ ਬਹਾਦਰ ਜੀ ਇੱਕ ਸੰਤ ਸਨ ਜਿਨ੍ਹਾਂ ਨੇ ਭਾਰਤੀ ਉਪ ਮਹਾਂਦੀਪ ਦੇ ਬਹੁਲਵਾਦੀ ਸੱਭਿਆਚਾਰ, ਧਾਰਮਿਕ ਆਜ਼ਾਦੀ ਅਤੇ ਮਨੁੱਖੀ ਮਾਣ ਦੀ ਰੱਖਿਆ ਲਈ ਆਪਣਾ ਜੀਵਨ ਕੁਰਬਾਨ ਕਰ ਦਿੱਤਾ। ਉਹ ਉਸ ਸਮੇਂ ਖੜੇ ਹੋਏ ਸਨ ਜਦੋਂ ਸੱਤਾ ਦੀਆਂ ਤਲਵਾਰਾਂ ਵਿਸ਼ਵਾਸ ਦੀ ਆਜ਼ਾਦੀ ਨੂੰ ਕੁਚਲਣਾ ਚਾਹੁੰਦੀਆਂ ਸਨ। ਉਨ੍ਹਾਂ ਨੇ ਧਰਮ ਦੇ ਨਾਮ 'ਤੇ ਜ਼ਬਰਦਸਤੀ ਧਰਮ ਪਰਿਵਰਤਨ ਵਿਰੁੱਧ ਆਵਾਜ਼ ਬੁਲੰਦ ਕੀਤੀ ਅਤੇ ਆਸਥਾ ਦੀ ਰੱਖਿਆ ਲਈ ਵੀ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਦਾ ਬਲੀਦਾਨ ਦਿੱਲੀ ਦੇ ਚਾਂਦਨੀ ਚੌਕ ਵਿੱਚ ਹੋਇਆ ਸੀ, ਪਰ ਇਸਦੀ ਗੂੰਜ ਅਜੇ ਵੀ ਪੂਰੀ ਦੁਨੀਆ ਦੇ ਚੇਤਨਾ ਵਿੱਚ ਸੁਣਾਈ ਦਿੰਦੀ ਹੈ। ਗੁਰੂ ਤੇਗ ਬਹਾਦਰ ਜੀ ਨੇ ਸਾਬਤ ਕਰ ਦਿੱਤਾ ਕਿ ਇੱਕ ਸੱਚਾ ਗੁਰੂ ਸਿਰਫ਼ ਉਪਦੇਸ਼ ਹੀ ਨਹੀਂ ਦਿੰਦਾ, ਉਹ ਯੁੱਗ ਦੇ ਹਨੇਰੇ ਵਿੱਚ ਦੀਵੇ ਵਾਂਗ ਬਲਦਾ ਵੀ ਹੈ। ਜਦੋਂ ਅਸੀਂ ਉਨ੍ਹਾਂ ਦਾ ਜਨਮਦਿਨ ਮਨਾਉਂਦੇ ਹਾਂ, ਇਹ ਸਿਰਫ਼ ਸ਼ਰਧਾ ਦਾ ਜਸ਼ਨ ਨਹੀਂ ਹੈ, ਸਗੋਂ ਆਪਣੇ ਵਿਚਾਰਾਂ, ਸ਼ਬਦਾਂ ਅਤੇ ਕੰਮਾਂ ਰਾਹੀਂ ਆਪਣੇ ਸਮਾਜ, ਸੱਭਿਆਚਾਰ ਅਤੇ ਸੱਚਾਈ ਲਈ ਖੜ੍ਹੇ ਹੋਣ ਦੇ ਸਾਡੇ ਫਰਜ਼ ਦੀ ਯਾਦ ਦਿਵਾਉਂਦਾ ਹੈ।

# ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਵਿਸਾਖੀ ਦਾ ਪਵਿੱਤਰ ਦਿਹਾੜਾ ਮਨਾਇਆ




ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ) :— ਦਮਦਮੀ ਟਕਸਾਲ ਮਹਿਤਾ ਦੀ ਰਹਿਨੁਮਾਈ ਅਤੇ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੀ ਸਰਪ੍ਰਸਤੀ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਖਾਲਸਾ ਪੰਥ ਦਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਮਾਗਮ ਵਿਚ ਸਕੂਲੀ ਵਿਦਿਆਰਥੀਆਂ ਨੇ ਪੂਰੀ ਉਤਸੁਕਤਾ ਨਾਲ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੇ ਕਵਿਤਾ ਕਵੀਸ਼ਰੀ ਗਾਇਨ ਕੀਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਖਾਲਸਾ ਪੰਥ ਦੇ ਸਾਜਨਾ ਦਿਵਸ ਤੇ ਵਧਾਈਆਂ ਦਿੱਤੀਆਂ ਅਤੇ ਖਾਲਸਾ ਸਿਰਜਣਾ ਦਿਵਸ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਪਾਤਸ਼ਾਹ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 404 ਸਾਲਾ ਪ੍ਰਕਾਸ਼ ਦਿਵਸ ਮੌਕੇ

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵਲੋਂ ਗੁਰਦੁਆਰਾ ਧਮਤਾਨ ਸਾਹਿਬ ਜੀਂਦ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕੀਤੇ ਗਏ










ਪਾਤਸ਼ਾਹ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 404 ਸਾਲਾ ਪ੍ਰਕਾਸ਼ ਦਿਵਸ ਮੌਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵਲੋਂ ਗੁਰਦੁਆਰਾ ਧਮਤਾਨ ਸਾਹਿਬ ਜੀਂਦ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕੀਤੇ ਗਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਵਲੋਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਪਾਤਸ਼ਾਹ ਜੀ ਦੇ 350ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਸ੍ਰੀ ਸਹਿਜ ਪਾਠ ਲਹਿਰ ਦਾ ਆਗਾਜ਼ ਕੀਤਾ ਗਿਆ ਇਸ ਸਮੇਂ ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ,ਗੁਰਬੀਰ ਸਿੰਘ ਤਲਾਕੌਰ ਮੈਂਬਰ,ਸਤਿੰਦਰ ਸਿੰਘ ਮੰਟਾ ਰਸ਼ੀਦਾਂ ਮੈਂਬਰ,ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਸਿਕੰਦਰ ਸਿੰਘ ਵਾਰਾਣਾ ਇੰਚਾਰਜ,ਗੁਰਭੇਜ ਸਿੰਘ ਇੰਚਾਰਜ,ਗਿ:ਸੂਬਾ ਸਿੰਘ ਇੰਚਾਰਜ,ਬਲਵੰਤ ਸਿੰਘ ਗੋਪਾਲਾ ਇੰਚਾਰਜ,ਪ੍ਰਚਾਰਕ ਕੋਮਲ ਸਿੰਘ,ਪ੍ਰਚਾਰਕ ਗੁਰਜੋਤ ਸਿੰਘ ਨਲਵੀ,ਢਾਡੀ ਸੁਖਵਿੰਦਰ ਸਿੰਘ ਭੰਬੂਰ,ਢਾਡੀ ਸੁਖਚੈਨ ਸਿੰਘ ਸ਼ੀਤਲ,ਮੈਨੇਜ਼ਰ ਹਰਵਿੰਦਰ ਸਿੰਘ ਦਨੌਲੀ,ਮੁੱਖ ਗ੍ਰੰਥੀ ਗਿ: ਜੋਗਿੰਦਰ ਸਿੰਘ ਜੀ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨਵਾਂ ਸ਼ਹਿਰ ਗੜਸ਼ੰਕਰ ਨੂਰਪੁਰ ਜੱਟਾਂ'ਚ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਾਲੀ ਘਟਨਾ ਨਿੰਦਣਯੋਗ ਤੇ

# ਸਿੱਖ ਕੌਮ ਨੂੰ ਵੱਡੀ ਚੁਣੌਤੀ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ 18 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਬਾਦਲ ਭਾਜਪਾ ਸਰਕਾਰ ਸਮੇਂ ਤੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਦੀਆਂ ਘਟਨਾਵਾਂ ਸ਼ੁਰੂ ਹੋਈਆਂ ਅਤੇ ਅੱਜ ਤੱਕ ਰੁਕਣ ਦਾ ਨਾਂਅ ਨਹੀਂ ਲੈ ਰਹੀਆਂ,ਬਾਦਲ ਤੋਂ ਬਾਅਦ ਕਾਂਗਰਸ ਤੇ ਝਾੜੂ ਵਾਲਿਆਂ ਦੀ ਸਰਕਾਰ ਨੇ ਇਸ ਮੁੱਦੇ ਤੇ ਰੱਜ ਕੇ ਰਾਜ ਨੀਤੀ ਕੀਤੀ ਪਰ ਇਹਨਾਂ ਬੇਅਦਬੀ ਘਟਨਾਵਾਂ ਨੂੰ ਰੋਕਣ ਲਈ ਕੋਈ ਠੋਸ ਨੀਤੀ ਨਹੀਂ ਬਣਾਈ ਗਈ ਜਿਸ ਦੇ ਸਿੱਟੇ ਵਜੋਂ ਗੁਰਬਾਣੀ ਬੇਅਦਬੀ ਦੀਆਂ ਘਟਨਾਵਾਂ ਵਿਚ ਦਿੱਨ ਬ ਦਿਨ ਵਾਧਾ ਹੋ ਰਿਹਾ ਹੈ ਅਤੇ ਹੁਣ ਨਵਾਂ ਸ਼ਹਿਰ ਗੜਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ'ਚ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜਨ ਵਾਲੀ ਘਟਨਾ ਨੇ ਸਰਕਾਰ ਦੇ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਨਾਕਾਮ ਯਤਨਾਂ ਦੇ ਪੋਲ ਖੋਲ੍ਹੇ ਹਨ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਇਸ ਮੰਦਭਾਗੀ ਘਟਨਾ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੈ ਉਥੇ ਸਰਕਾਰ ਤੋਂ ਮੰਗ ਕਰਦੀ ਹੈ ਕਿ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਕਿਸੇ ਸਖ਼ਤ ਕਾਨੂੰਨ ਨੂੰ ਲਿਆਂਦਾ ਜਾਵੇ ਤਾਂ ਹੀ ਰੋਜ ਰੋਜ ਹੋਣ ਵਾਲੀਆਂ ਗੁਰਬਾਣੀ ਘਟਨਾਵਾਂ ਨੂੰ ਰੋਕਿਆ ਜਾ ਸਕਦਾ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਤੇ ਸੀਨੀਅਰ ਆਗੂ ਭਾਈ ਸੁਰਿੰਦਰ ਸਿੰਘ ਆਦਮਪੁਰ ਨੇ ਨੂਰਪੁਰ ਜੱਟਾਂ'ਚ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਘਟਨਾ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਅਤੇ ਸਰਕਾਰ ਤੋਂ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਕੋਈ ਸਖ਼ਤ ਕਾਨੂੰਨ ਬਣਾਉਣ ਦੀ ਸਰਕਾਰ ਤੋਂ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਕਿਹਾ ਬਾਦਲ ਭਾਜਪਾ ਸਰਕਾਰ ਤੋਂ ਸ਼ੁਰੂ ਹੋਇਆ ਗੁਰਬਾਣੀ ਬੇਅਦਬੀ ਦੀਆਂ ਘਟਨਾਵਾਂ ਨੇ ਵਿਸ਼ਵ ਵਿਚ ਵੱਸਦੇ ਸਿੱਖ ਭਾਈਚਾਰੇ ਦੀਆਂ ਧਰਮੀਂ ਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚਾਈ ਹੈ ਭਾਈ ਖਾਲਸਾ ਨੇ ਕਿਹਾ ਲੋਕ ਜਿਥੇ ਇਹਨਾਂ ਘਟਨਾਵਾਂ ਦੀ ਨਿੰਦਾ ਕਰ ਰਹੇ ਹਨ ਉਥੇ ਸਰਕਾਰ ਨੂੰ ਕੋਸ ਰਹੇ ਹਨ ਕਿ ਘੱਟੋ ਘੱਟ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਘਟਨਾਵਾਂ ਤੇ ਤਾਂ ਆਪਣੀ ਗੰਦੀ ਸਿਆਸਤ ਨੂੰ ਛੱਡ ਦਿਓ, ਭਾਈ ਖਾਲਸਾ ਨੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਨੂਰਪੁਰ ਜੱਟਾਂ'ਚ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜਨ ਵਾਲੀ ਘਟਨਾ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੈ ਉਥੇ ਸਰਕਾਰ ਤੋਂ ਮੰਗ ਕਰਦੀ ਹੈ ਕਿ ਬੇਅਦਬੀ ਮਾਮਲੇ'ਚ ਇੱਕ ਸਖ਼ਤ ਕਾਨੂੰਨ ਬਣਾਇਆ ਜਾਵੇ ਤਾਂ ਕਿ ਬੇਅਦਬੀ ਘਟਨਾਵਾਂ ਨੂੰ ਰੋਕਿਆ ਜਾ ਸਕੇ, ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ, ਭਾਈ ਅਵਤਾਰ ਸਿੰਘ ਅੰਮ੍ਰਿਤਸਰ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਸੁਰਿੰਦਰ ਸਿੰਘ ਆਦਮਪੁਰ ਜਲੰਧਰ ਭਾਈ ਰਵਿੰਦਰ ਸਿੰਘ ਟੁੱਟਕਲਾ ਭਾਈ ਇੰਦਰਜੀਤ ਸਿੰਘ ਕਾਉਂਕੇ ਆਦਿ ਆਗੂ ਹਾਜਰ ਸਨ ।



ਅਖੌਤੀ ਅਕਾਲੀ ਬਾਦਲਕਿਆਂ ਨੇ ਸਿਆਸੀ ਮੁਫ਼ਾਦਾਂ ਦੀ ਪੂਰਤੀ ਲਈ

# ਪੰਥ ਅਤੇ ਪੰਜਾਬ ਦੀ ਵਿਰਾਸਤ ਨੂੰ ਰੋਲਿਆ : ਰਣਜੀਤ ਸਿੰਘ (ਫੈਡਰੇਸ਼ਨ ਭਿੰਡਰਾਂਵਾਲਾ)

**ਅੰਮ੍ਰਿਤਸਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਅਜੋਕੇ ਹਲਾਤਾਂ ਸੰਬੰਧੀ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਬਾਦਲ ਦਲ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਯੋਗ ਗਰਦਾਨੀ ਲੀਡਰਸ਼ਿਪ ਮਰਿਆ ਸੱਪ ਹੈ, ਜੋ ਕੌਮ ਦੇ ਗਲੋਂ ਲਾਹੁਣ ਲਈ ਸਿੱਖ ਜਵਾਨੀ ਦੀਆਂ ਕੁਰਬਾਨੀਆਂ ਹੋਣਗੀਆ।ਗੁਰਦੁਆਰਾ ਸੁਧਾਰ ਲਹਿਰ ਵਰਗੀ ਕੋਈ ਲਹਿਰ ਹੀ ਇਸ ਪੰਥ ਦੋਖੀ ਲੀਡਰਸ਼ਿਪ ਤੋਂ ਖਹਿੜਾ ਛੁਡਾਵਾਊ। ਇਹ ਮਹੰਤਾਂ ਨਾਲੋਂ ਵੀ ਵੱਧ ਦੁਖੀ ਕਰਨਗੇ। ਮਹੰਤਾਂ ਤੋਂ ਸੌਖਾ ਖਹਿੜਾ ਛੁੱਟ ਗਿਆ ਸੀ। ਨਾ ਮਹੰਤ ਮੰਨੇ ਸੀ ਕਿ ਗਲਤ ਹਾਂ, ਨਾ ਇਹਨਾਂ ਨੇ ਮੰਨਣਾ ਕਿ ਗਲਤ ਹਾਂ।ਭਾਈ ਰਣਜੀਤ ਸਿੰਘ ਨੇ ਕਿਹਾ ਕਿ ਬਾਦਲਾਂ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵੱਕਾਰ ਰੋਲ ਦਿੱਤਾ ਹੈ ਅਤੇ ਇਹਨਾਂ ਦੋਵਾਂ ਮਾਣਮੱਤੀ ਸੰਸਥਾਵਾਂ ਨੂੰ ਪੰਥ ਵਿਰੋਧੀ ਸੰਸਥਾਵਾਂ ਬਣਾ ਦਿੱਤਾ ਹੈ। ਕਾਂਗਰਸ, ਭਾਜਪਾ ਤੇ ਝਾੜੂ ਪਾਰਟੀ ਵਾਂਗ ਬਾਦਲ ਦਲ ਵੀ ਪੰਥ ਅਤੇ ਪੰਜਾਬ ਦਾ ਕੁਝ ਸੰਵਾਰ ਨਹੀਂ ਸਕਦਾ,ਉਲਟਾ ਇਹਨਾਂ ਪਾਰਟੀਆਂ ਨਾਲੋਂ ਵੀ ਵਧੇਰੇ ਨੁਕਸਾਨ ਕਰ ਰਿਹਾ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਹਿੰਦੂ ਲੀਡਰ ਕਹਿ ਰਹੇ ਹਨ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਕਾਸ ਅਤੇ ਵਿਰਾਸਤ ਦੋਵਾਂ ਨੂੰ ਅੱਗੇ ਵਧਾਇਆ ਹੈ। ਪਰ ਇੱਧਰ ਸਾਡੇ ਸਿੱਖ ਲੀਡਰਾਂ ਨੇ ਵਿਕਾਸ ਦੀ ਗੱਲ ਤਾਂ ਕੀਤੀ ਪਰ ਪੰਥ ਅਤੇ ਪੰਜਾਬ ਦੀ ਵਿਰਾਸਤ ਨੂੰ ਰੋਲ ਦਿੱਤਾ। ਮਰਹੂਮ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਨੇ ਵਿਕਾਸ ਦੇ ਨਾਂ ਉੱਤੇ ਖ਼ਾਲਿਸਤਾਨ ਦੀ ਅਜ਼ਾਦੀ ਦਾ ਸੰਘਰਸ਼, ਅਨੰਦਪੁਰ ਦੇ ਮਤੇ ਦਾ ਸੰਘਰਸ਼, ਵੱਧ ਅਧਿਕਾਰਾਂ ਦੀ ਗੱਲ, ਸਿੱਖਾਂ ਦੀ ਵੱਖਰੀ ਪਛਾਣ ਦੀ ਗੱਲ ਨੂੰ ਵੀ ਵਿਸਾਰ ਦਿੱਤਾ। ਕਸ਼ਮੀਰ ਵਿੱਚ ਧਾਰਾ 370 ਟੁੱਟਣ ਦੀ ਹਮਾਇਤ ਕਰਨੀ ਸੁਖਬੀਰ ਸਿੰਘ ਬਾਦਲ ਦੀ ਇਤਿਹਾਸਕ ਗਲਤੀ ਸੀ, ਇਸ ਨਾਲ ਅਨੰਦਪੁਰ ਸਾਹਿਬ ਦੇ ਮਤੇ ਦਾ ਵੀ ਭੋਗ ਪੈ ਗਿਆ, ਖ਼ਾਲਿਸਤਾਨ ਦੀ ਗੱਲ ਤਾਂ ਇਹਨਾਂ ਲਈ ਬਹੁਤ ਦੂਰ ਸੀ। ਬਾਦਲਕਿਆਂ ਨੇ ਝੂਠੇ ਪੁਲਿਸ ਮੁਕਾਬਲਿਆਂ ਦਾ ਇਨਸਾਫ਼ ਤਾਂ ਕੀ ਦਿਵਾਉਣਾ ਸੀ, ਉਲਟਾ ਦੋਸ਼ੀ ਅਤੇ ਬੁੱਚੜ ਪੁਲਿਸ ਅਫਸਰਾਂ ਨੂੰ ਤਰੱਕੀਆਂ ਦੇ ਕੇ ਕਲੰਕ ਲਵਾ ਲਿਆ। ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ, ਭਾਈ ਜਸਵੰਤ ਸਿੰਘ ਖਾਲੜਾ ਤੇ ਬਾਬਾ ਚਰਨ ਸਿੰਘ ਕਾਰ ਸੇਵਾ ਵਾਲਿਆਂ ਦੇ ਕੇਸ ਅਹਿਮ ਸਨ ਪਰ ਬਾਦਲਕਿਆਂ ਨੇ 1997 ਵਿੱਚ ਸਰਕਾਰ ਬਣਨ ਮਗਰੋਂ ਬੀਬੀ ਪਰਮਜੀਤ ਕੌਰ ਖਾਲੜਾ ਤੇ ਹੋਰ ਸਿੱਖ ਪਰਿਵਾਰਾਂ ਨੂੰ ਕਿਹਾ ਕਿ "ਛੱਡੋ ਜੀ, ਪੁਰਾਣੀਆਂ ਗੱਲਾਂ, ਹੁਣ ਤਾਂ ਵਿਕਾਸ ਦੀ ਗੱਲ ਕਰੋ।" ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਕਾਂਗਰਸ ਨੇ ਸਿੱਖ ਮਾਰੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਢਾਹਿਆ ਪਰ ਭਾਜਪਾ ਤੇ ਬਾਦਲਕਿਆਂ ਨੇ ਸਿੱਖੀ ਸਿਧਾਂਤ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਵੱਡੀ ਸੱਟ ਮਾਰੀ ਜਿਸ ਦੀ ਭਰਪਾਈ ਕਰਨੀ ਬਹੁਤ ਮੁਸ਼ਕਲ ਹੈ। ਉਹਨਾਂ ਕਿਹਾ ਕਿ ਬਾਦਲ ਦਲ ਦੇ ਸੋਹਿਲੇ ਗਾਉਣ ਵਾਲਿਆਂ ਨੂੰ ਭਵਿੱਖ ਵਿੱਚ ਸ਼ਰਮਸਾਰ ਹੋਣਾ ਪਵੇਗਾ।ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਇਹ ਵੀ ਕਿਹਾ ਸ਼੍ਰੋਮਣੀ ਅਕਾਲੀ ਦਲ ਜੋ ਸੁਖਬੀਰ ਸਿੰਘ ਬਾਦਲ ਦਾ ਮੁਥਾਜ ਨਹੀਂ ਹੈ। ਉਹਨਾਂ ਕਿਹਾ ਕਿ ਜਦੋਂ ਮਰਹੂਮ ਪ੍ਰਕਾਸ਼ ਸਿੰਘ ਬਾਦਲ ਤੇ ਸੁਖਬੀਰ ਬਾਦਲ ਨਹੀਂ ਸਨ ਓਦੋਂ ਅਕਾਲੀ ਦਲ ਪੂਰੇ ਜੋਬਨ ਉੱਤੇ ਪੰਥ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਕਰ ਰਿਹਾ ਸੀ, ਜਦੋਂ ਹੁਣ ਵੀ ਸੁਖਬੀਰ ਸਿੰਘ ਬਾਦਲ ਨਹੀਂ ਹੋਵੇਗਾ ਉਦੋਂ ਵੀ ਅਕਾਲੀ ਦਲ ਦੀ ਹੋਂਦ ਬਰਕਰਾਰ ਰਹੇਗੀ ਤੇ ਸਿੱਖ ਆਪਣੇ ਗੁਰੂ ਸਾਹਿਬ ਵੱਲੋਂ ਬਖਸ਼ੇ ਸਿਧਾਂਤਾਂ ਉੱਤੇ ਪਹਿਰਾ ਦਿੰਦੇ ਰਹਿਣਗੇ, ਅਕਾਲ ਪੁਰਖ ਨੂੰ ਧਿਆਉਣ ਵਾਲਾ ਹਰ ਸਿੱਖ ਹੀ ਅਕਾਲੀ ਹੈ, ਇਸ ਪਾਰਟੀ ਦਾ ਮੈਂਬਰ ਬਣ ਕੇ ਵੋਟਾਂ ਲੜਨ ਵਾਲਾ ਹੀ ਅਕਾਲੀ ਨਹੀਂ ਹੁੰਦਾ। ਭਾਈ ਰਣਜੀਤ ਸਿੰਘ ਨੇ ਇਹ ਵੀ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਸਰਦਾਰ ਸਿਮਰਨਜੀਤ ਸਿੰਘ ਮਾਨ ਬਹੁਤ ਸੁਚੱਜੇ ਢੰਗ ਨਾਲ ਅਗਵਾਈ ਕਰ ਰਹੇ ਹਨ ਅਤੇ ਉਹ ਪੰਥਕ ਸਿਧਾਂਤਾਂ, ਪੰਜਾਬ ਦੀ ਖੁਸ਼ਹਾਲੀ, ਖ਼ਾਲਿਸਤਾਨ ਦੀ ਅਜ਼ਾਦੀ ਦੀ ਗੱਲ ਤੇ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਸੋਚ 'ਤੇ ਡਟ ਕੇ ਪਹਿਰਾ ਦੇ ਰਹੇ ਹਨ। ਉਹਨਾਂ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਵਾਲਾ ਹੀ ਅਸਲ ਵਿੱਚ ਅਕਾਲੀ ਦਲ ਹੈ ਤੇ ਬਾਦਲਕਿਆਂ ਵਾਲਾ ਅਕਾਲੀ ਦਲ ਤਾਂ ਬੇਅਦਬੀ ਦਲ, ਸਿਰਸਾ ਦਲ ਤੇ ਬਈਆ ਦਲ ਬਣ ਚੁੱਕਾ ਹੈ।



# ਪੈਨਸ਼ਨਰ ਮੰਗਾਂ ਲਈ 25 ਅਪ੍ਰੈਲ ਨੂੰ ਫਗਵਾੜਾ ਵਿਖੇ ਹੋਵੇਗਾ ਇਕੱਠ : ਧਾਲੀਵਾਲ

**ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ):—** ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਫ਼ਗਵਾੜਾ ਵਿਖੇ 25 ਅਪ੍ਰੈਲ ਨੂੰ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਜਲੰਧਰ ਮੰਡਲ ਦੇ ਮੰਡਲ ਸਕੱਤਰ ਅਤੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਸ਼੍ਰੀ ਸਤਪਾਲ ਸਿੰਘ ਅਤੇ ਮੰਡਲ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਜਲੰਧਰ ਨੇ ਸਾਂਝੇ ਪ੍ਰੈਸ ਬਿਆਨ ਰਾਹੀਂ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ ਦੇ ਬਣਦੇ ਬਕਾਏ ਕਿਸ਼ਤਾਂ ਵਿੱਚ ਦੇਣ ਦੇ ਫੈਸਲੇ ਵਿਰੁੱਧ ਬਕਾਇਆ ਇਕ ਕਿਸ਼ਤ ਵਿੱਚ ਦੇਣ ਅਤੇ ਵਣ ਪੈਨਸ਼ਨਰਜ ਦੇ ਬਣਦੇ ਸੇਵਾ ਲਾਭ ਸਮੇਂ ਸਿਰ ਦੇਣ ਆਦਿ ਸਬੰਧੀ ਜਲੰਧਰ ਮੰਡਲ ਕਮੇਟੀ ਦੇ ਸਾਥੀਆਂ ਦੀ ਮੀਟਿੰਗ ਮਿਊਸਪਲ ਪਾਰਕ ਨੇੜੇ ਬੱਸ ਅੱਡੇ ਜੀ.ਟੀ ਰੋਡ ਫਗਵਾੜਾ ਵਿਖੇ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਹ ਮੀਟਿੰਗ ਸਵੇਰੇ 11 ਵਜੇ ਹੋਵੇਗੀ ਜਿਸ ਵਿੱਚ ਸੂਬਾ ਕਮੇਟੀ ਦੇ ਆਹੁਦੇਦਾਰ ਅਤੇ ਸਰਗਰਮ ਮੈਂਬਰ ਵੀ ਸ਼ਾਮਿਲ ਹੋਣਗੇ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਨੇ ਦੱਸਿਆ ਕਿ ਸਮੂਹ ਸਾਥੀ ਜਲੰਧਰ ਮੰਡਲ ਨੂੰ ਮੀਟਿੰਗ ਵਿੱਚ ਸਮੇਂ ਸਿਰ ਹਾਜ਼ਰ ਹੋਣ ਦੀ ਅਪੀਲ ਕੀਤੀ ਜਾਂਦੀ ਹੈ ਤਾਂ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਕਾਮਯਾਬ ਕਰਨ ਲਈ ਯੋਗਦਾਨ ਪਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤ੍ਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਉਤਸਵ ਬੜੀ ਸ਼ਰਧਾ ਨਾਲ ਮਨਾਇਆ





**ਫ਼ਿਰੋਜ਼ਪੁਰ, 18 ਅਪ੍ਰੈਲ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤ੍ਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ। ਇਸ ਮੌਕੇ ਤੇ ਭਾਈ ਕੰਵਲਜੀਤ ਸਿੰਘ, ਭਾਈ ਸੰਦੀਪ ਸਿੰਘ, ਗੁਰਪ੍ਰੀਤ ਸਿੰਘ ਕਥਾਵਾਚਕ ਖਾਲਸਾ ਗੁਰਦੁਆਰਾ ਫ਼ਿਰੋਜ਼ਪੁਰ ਛਾਉਣੀ, ਭਾਈ ਜਤਿੰਦਰ ਪਾਲ ਸਿੰਘ ਗੁਰਦੁਆਰਾ ਜਾਮਨੀ ਸਾਹਿਬ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਭਾਈ ਜ਼ੋਰਾ ਸਿੰਘ ਸੰਧੂ ਪ੍ਰਧਾਨ ਗੁਰਦੁਆਰਾ ਤ੍ਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਨੇ ਆਈ ਹੋਈ ਸੰਗਤ ਅਤੇ ਆਏ ਹੋਏ ਰਾਗੀ, ਕਥਾਵਾਚਕ ਜਥਿਆਂ ਦਾ ਧੰਨਵਾਦ ਕੀਤਾ ਅਤੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਭਾਈ ਜ਼ੋਰਾ ਸਿੰਘ ਸੰਧੂ ਨੇ ਕਿਹਾ ਕਿ ਭਾਵੇਂ ਕਿ ਇਹ ਗੁਰਦੁਆਰਾ ਸਾਹਿਬ ਕਾਫੀ ਸਾਲਾਂ ਤੋਂ ਵਿਵਾਦਾਂ ਵਿਚ ਰਿਹਾ ਹੈ ਅਤੇ ਸਤਿਗੁਰੂ ਮਹਾਰਾਜ ਜੀ ਦੀ ਕ੍ਰਿਪਾ ਨਾਲ ਹੁਣ ਇਸ ਗੁਰਦੁਆਰਾ ਸਾਹਿਬ ਵਿਚ ਹੋਲੀ—ਹੋਲੀ ਸੰਗਤਾਂ ਵੱਧ ਰਹੀਆਂ ਹਨ ਅਤੇ ਇਹ ਗੁਰਦੁਆਰਾ ਸਾਹਿਬ ਵਿਖੇ ਜ਼ੋ ਵੀ ਸੰਗਤਾਂ ਸੁੱਖਾਂ ਸੁਖਦੀਆਂ ਹਨ, ਮੁਰਾਦਾਂ ਪੂਰੀਆਂ ਹੁੰਦੀਆਂ ਹਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਕਿਸਾਨਾਂ ਦੀ ਫਸਲ ਦੀ 24 ਘੰਟੇ ਚ ਹੋਵੇਗੀ ਅਦਾਇਗੀ ਤੇ ਖਰੀਦ


**☛ ਕੈਬਨਿਟ ਮੰਤਰੀ ਵੱਲੋਂ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੰਡੀਆਂ ਦਾ ਕੀਤਾ ਦੌਰਾ ☛ ਕਿਸਾਨਾਂ ਦੀ ਪੁੱਤਾਂ ਵਾਂਗੂ ਪਾਲੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ- ਈ ਟੀ ਓ**




**ਜੰਡਿਆਲਾ ਗੁਰੂ, 18 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਲਈ ਸਾਰੀਆਂ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਮਹਿਤਾ, ਤਰਸਿੱਕਾ, ਟਾਂਗਰਾ ਅਤੇ ਜੰਡਿਆਲਾ ਵਿਖੇ ਕਣਕ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੰਡੀਆਂ ਦਾ ਦੌਰਾ ਕਰਨ ਮੌਕੇ ਗੱਲਬਾਤ ਕਰਦਿਆਂ ਕੀਤਾ। ਉਹਨਾਂ ਇਸ ਮੌਕੇ ਤਰਸਿੱਕਾ ਮੰਡੀ ਵਿੱਚ ਕਣਕ ਦੀ ਸਰਕਾਰੀ ਖਰੀਦ ਵੀ ਸ਼ੁਰੂ ਕਰਵਾਈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦੀ 24 ਘੰਟੇ ਅੰਦਰ ਖਰੀਦ ਤੇ ਵੇਚੀ ਗਈ ਫਸਲ ਦੀ ਤੈਅ ਸਮੇਂ ਅੰਦਰ ਅਦਾਇਗੀ ਯਕੀਨੀ ਬਣਾਈ ਜਾਵੇਗੀ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਮੰਡੀਆਂ ਵਿੱਚ ਜਿਆਦਾ ਦੇਰ ਨਾ ਬੈਠਣਾ ਪਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸੂਬਾ ਸਰਕਾਰ ਨੇ ਹਮੇਸ਼ਾਂ ਕਿਸਾਨੀ ਹਿੱਤਾਂ ਦੀ ਰਾਖੀ ਕੀਤੀ ਹੈ ਅਤੇ ਹੁਣ ਵੀ ਸਰਕਾਰ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੋਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਹਮੇਸ਼ਾਂ ਹੀ ਕਿਸਾਨੀ ਹਿੱਤਾਂ ਨੂੰ ਤਰਜ਼ੀਹ ਦਿੱਤੀ ਹੈ ਅਤੇ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਕਿਸਾਨ ਪੱਖੀ ਫੈਸਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਖਰੀਦ ਲਈ ਪੀਣ ਵਾਲੇ ਸਾਫ ਸੁਥਰੇ ਪਾਣੀ, ਲਾਇਟ ਤੇ ਬੈਠਣ ਲਈ ਛਾਂਦਾਰ ਜਗ੍ਹਾਂ ਦੇ ਨਾਲ-ਨਾਲ ਹੋਰ ਜਰੂਰੀ ਪ੍ਰਬੰਧ ਵੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਸਖਤ ਹਦਾਇਤ ਕੀਤੀ ਗਈ ਹੈ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨ ਦਿੱਤਾ ਜਾਵੇ। ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਰਾਤ ਸਮੇਂ ਕਣਕ ਦੀ ਕਟਾਈ ਕੰਬਾਇਨਾਂ ਨਾਲ ਨਾ ਕਰਵਾਈ ਜਾਵੇ ਕਿਉਂਕਿ ਰਾਤ ਸਮੇਂ ਕਣਕ ਕਟਵਾਉਣ ਨਾਲ ਫਸਲ ਵਿੱਚ ਨਮੀਂ ਦੀ ਮਾਤਰਾ ਵੱਧ ਜਾਂਦੀ ਹੈ ਅਤੇ ਤੈਅ ਨਮੀਂ ਤੋਂ ਵੱਧ ਵਾਲੀ ਫਸਲ ਖਰੀਦਣ ਵਿੱਚ ਖਰੀਦ ਏਜੰਸੀਆਂ ਨੂੰ ਮੁਸ਼ਕਲ ਪੇਸ਼ ਆਉਂਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮੰਡੀਆਂ ਵਿੱਚ ਫਸਲ ਪੂਰੀ ਤਰ੍ਹਾਂ ਸੁੱਕਾ ਕੇ ਹੀ ਲਿਆਂਦੀ ਜਾਵੇ ਤਾਂ ਜੋ ਉਨ੍ਹਾਂ ਨੂੰ ਫਸਲ ਵੇਚਣ ਲਈ ਮੰਡੀਆਂ ਵਿੱਚ ਨਾ ਬੈਠਣਾ ਪਵੇ। ਇਸ ਮੌਕੇ ਉਹਨਾਂ ਨਾਲ ਵੱਡੀ ਗਿਣਤੀ ਵਿੱਚ ਕਿਸਾਨ, ਆੜਤੀਆ ਐਸੋਸੀਏਸ਼ਨ ਦੇ ਮੈਂਬਰ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀ ਹਾਜ਼ਰ ਸਨ।

**ਸ਼ਹੀਦ ਭਾਈ ਪਰਮਜੀਤ ਸਿੰਘ ਤੁਗਲਵਾਲਾ (ਜਨਮਦਿਨ 'ਤੇ ਵਿਸ਼ੇਸ਼)**

# ਆਪਣੇ ਸਿਰ ਦੇ ਤਾਜ ਦੀ ਸ਼ਹਾਦਤ ਨੂੰ ਸਮਰਪਿਤ




18 ਅਪ੍ਰੈਲ 1958, ਕਿੰਨਾ ਸੁਭਾਗਾ ਦਿਨ ਹੋਵੇਗਾ ਜਦੋਂ ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਇੱਕ ਬਹੁਤ ਹੀ ਮਸ਼ਹੂਰ ਪਿੰਡ ਤੁਗਲਵਾਲਾ ਦੀ ਪਵਿੱਤਰ ਧਰਤੀ 'ਤੇ ਮਾਤਾ ਸੁਰਿੰਦਰ ਕੌਰ ਦੀ ਸੁਭਾਗੀ ਕੁੱਖੋਂ, ਪਿਤਾ ਸ੍ਰ. ਜਸਵੰਤ ਸਿੰਘ ਦੇ ਘਰ ਇਸ ਕੋਹਿਨੂਰ ਹੀਰੇ ਅਤੇ ਖ਼ਾਲਿਸਤਾਨ ਲਿਬਰੇਸ਼ਨ ਆਰਗਨਾਈਜੇਸ਼ਨ ਦੇ ਮੁਖੀ ਤੇ ਖਾਲਿਸਤਾਨ ਆਰਮਡ ਫੋਰਸ ਦੇ ਲੈਫਟੀਨੈਂਟ ਅਮਰ ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਉਰਫ ਬਾਬਾ ਨੰਦ ਦਾ ਜਨਮ ਹੋਇਆ। ਉਦੋਂ ਤਾਂ ਕਿਸੇ ਦੇ ਚਿੱਤ - ਚੇਤੇ ਵੀ ਨਹੀਂ ਹੋਣਾ ਕਿ ਏਹੀ ਬੱਚਾ ਕਿਸੇ ਰੋਜ਼ ਨੂੰ ਆਪਣੀ ਐਸ਼-ਆਰਾਮ ਦੀ ਜਿੰਦਗੀ ਛੱਡ ਕੇ, ਆਪਣੀ ਸਰਕਾਰੀ ਤੇ ਸ਼ਾਹੀ ਨੌਕਰੀ ਨੂੰ ਠੁੱਡ ਮਾਰ ਕੇ, 20ਵੀਂ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਆਪਣੇ ਕੌਮੀ ਘਰ ਖਾਲਿਸਤਾਨ ਦੀ ਉਸਾਰੀ ਦੇ ਲਈ ਜੋ ਹਥਿਆਰਬੰਦ ਸੰਘਰਸ਼ ਵਿੱਢਿਆ ਗਿਆ ਸੀ, ਉਸ ਵਿਚ ਬੜੀ ਬਹਾਦਰੀ, ਹਿੰਮਤ ਤੇ ਦਲੇਰੀ ਦੇ ਨਾਲ ਜੂਝਦਾ ਹੋਇਆ, ਪੰਥ ਨਿੰਦਕਾਂ ਨੂੰ ਸੋਧੇ ਲਾਉਂਦਾ ਹੋਇਆ, ਅੰਤ ਸ਼ਹਾਦਤ ਦਾ ਪਿਰਮ ਪਿਆਲਾ ਪੀ ਕੇ ਆਪਣਾ ਤੇ ਪਿੰਡ ਦਾ ਨਾਂ ਕੁਰਬਾਨੀਆਂ ਭਰੇ ਸਿੱਖ ਇਤਿਹਾਸ ਦੇ ਸੁਨਿਹਰੀ ਪੰਨਿਆਂ 'ਤੇ ਲਿਖਵਾ ਕੇ, ਦੁਨੀਆਂ ਦੇ ਕੋਨੇ-ਕੋਨੇ ਵਿੱਚ ਰੁਸ਼ਨਾ ਕੇ ਹਮੇਸ਼ਾ ਲਈ ਅਮਰ ਹੋ ਜਾਵੇਗਾ।



ਪਰਮਜੀਤ ਜੀ, ਅੱਜ ਤੁਹਾਡਾ 34ਵਾਂ ਸ਼ਹੀਦੀ ਦਿਹਾੜਾ ਆਪਣੇ ਕੌਮੀ ਘਰ ਖਾਲਿਸਤਾਨ ਦੀ ਉਸਾਰੀ ਦੇ ਲਈ ਸੰਘਰਸਸ਼ੀਲ ਪੰਥ ਦੀਆਂ ਸਿਰਮੌਰ ਜਥੇਬੰਦੀਆਂ, ਕਵੀਸ਼ਰੀ ਜੱਥਿਆਂ ਤੇ ਪੰਥਕ ਬੁਲਾਰਿਆਂ ਵੱਲੋਂ ਤੁਹਾਡੀ ਸੋਚ, ਕੌਮ ਲਈ ਮਰ ਮਿਟਣ ਵਾਲੇ ਤੁਹਾਡੇ ਪੰਥਕ ਜਜ਼ਬੇ ਤੇ ਜੁਝਾਰੂ ਗਤੀਵਿਧੀਆਂ ਨੂੰ ਤਾਜ਼ਾ ਕੀਤਾ ਜਾ ਰਿਹਾ ਹੈ।

ਪਰਮਜੀਤ, ਮੈਂ ਮੰਨਦੀ ਹਾਂ ਕਿ ਮੌਤ ਇੱਕ ਅਟੱਲ ਸੱਚਾਈ ਹੈ। ਜਿਵੇਂ ਕਿ ਗੁਰਬਾਣੀ ਫੁਰਮਾਨ ਹੈ :- " ਜੋ ਉਪਜਿਓ ਸੋ ਬਿਨਸ ਹੈ ਪਰਉ ਆਜ ਕੇ ਕਾਲ।।" ਭਾਵ ਜੋ ਵੀ ਜੀਵ ਇਸ ਧਰਤੀ 'ਤੇ ਜਨਮ ਲੈਂਦਾ ਹੈ, ਜਨਮ ਦੇ ਨਾਲ ਹੀ ਉਸਦਾ ਕਾਲ ਭਾਵ ਮੌਤ ਵੀ ਨਿਸ਼ਿਚਤ ਹੈ। ਮੈਨੂੰ ਅੱਜ ਵੀ ਚੰਗੀ ਤਰ੍ਹਾਂ ਯਾਦ ਹੈ ਜਦੋਂ ਕੁਝ ਸਿੰਘਾਂ ਨੇ ਤੁਹਾਨੂੰ ਤੇ ਮੈਨੂੰ, ਦੋਵਾਂ ਨੂੰ ਹੀ ਪੰਜਾਬ ਛੱਡ ਕੇ ਬਾਹਰ ਵਿਦੇਸ਼ ਵਿਚ ਜਾ ਕੇ ਰਹਿਣ ਦੀ ਸਲਾਹ ਦਿੱਤੀ ਸੀ, ਤਾਂ ਆਪਣੇ ਉਹਨਾਂ ਸ਼ੁੱਭਚਿੰਤਕਾਂ ਨੂੰ ਜੋ ਤੁਸੀਂ ਜੁਆਬ ਵਿਚ ਕਿਹਾ ਸੀ, ਸੱਚਮੁੱਚ ਉਹਨਾਂ ਸ਼ਬਦਾਂ ਨੇ ਤਾਂ ਜਿਵੇਂ ਮੈਨੂੰ ਕੀਲ ਹੀ ਲਿਆ ਸੀ, ਬਹੁਤ ਮਾਣ ਮਹਿਸੂਸ ਹੋਇਆ ਸੀ ਤੁਹਾਡਾ ਜੁਆਬ ਸੁਣ ਕੇ। ਤੁਸੀਂ ਕਿਹਾ ਸੀ, " ਨਹੀਂ, ਕੁੱਝ ਵੀ ਹੋ ਜਾਵੇ, ਮੈਂ ਮੌਤ ਤੋਂ ਡਰ ਕੇ, ਆਪਣਾ ਪੰਜਾਬ ਛੱਡ ਕੇ ਕਿੱਧਰੇ ਨਹੀਂ ਜਾਵਾਂਗਾ। ਕਿਉਂਕਿ ਮੇਰੇ ਜਨਮ ਦੇ ਨਾਲ ਹੀ ਉਸ ਅਕਲਪੁਰਖ ਨੇ ਇਹ ਵੀ ਤਹਿ ਕੀਤਾ ਹੋਇਆ ਹੈ ਕਿ ਮੇਰੀ ਮੌਤ ਕਦੋਂ, ਕਿੱਥੇ ਤੇ ਕਿਵੇਂ ਹੋਣੀ ਹੈ। ਜਦੋਂ ਸਾਡਾ ਜਨਮ- ਮਰਨ ਹੈ ਹੀ ਉਸ ਵਾਹਿਗੁਰੂ ਦੇ ਹੱਥ ਹੈ ,ਤਾਂ ਫੇਰ ਮੌਤ ਤੋਂ ਡਰ ਕੇ ਏਧਰ ਓਧਰ ਕਿਉ ਭੱਜਣਾ ?" ਤੇ ਉਸ ਸਮੇਂ ਤੁਹਾਡੇ ਕਹੇ ਹੋਏ ਇਹ ਬੋਲ ਹੈ ਵੀ ਬਿਲਕੁਲ ਸੱਚੇ ਸਨ। ਜਦੋਂ ਸਾਨੂੰ ਪਤਾ ਹੀ ਹੈ ਕਿ ਮੌਤ ਇੱਕ ਅਟੱਲ ਸੱਚਾਈ ਹੈ। ਕੋਈ ਬੀਮਾਰੀ ਨਾਲ, ਕੋਈ ਐਕਸੀਡੈਂਟ ਨਾਲ, ਕੋਈ ਆਪਸੀ ਦੁਸ਼ਮਣੀ ਦਾ ਸ਼ਿਕਾਰ ਹੋ ਕੇ ਕਤਲ ਹੋ ਕੇ ਮਰਦਾ ਹੈ, ਤਾਂ ਫੇਰ ਕਿਉ ਨਾ ਆਪਣੀ ਇਸ ਨਿਮਾਣੀ ਜਿਹੀ ਜ਼ਿੰਦ ਨੂੰ ਕੌਮ ਦੇ ਲੇਖੇ ਲਾ ਕੇ, ਸ਼ਹਾਦਤ ਦਾ ਜਾਮ ਪੀ ਕੇ ਦਸਮੇਸ਼ ਪਿਤਾ ਜੀ ਦੀ ਨਿੱਘੀ ਗੋਦ ਦਾ ਨਿੱਘ ਮਾਣਿਆ ਜਾਵੇ। ਇਸ ਵਿਚ ਕੋਈ ਸ਼ੱਕ ਨਹੀਂ ਕਿ ਤੁਹਾਡਾ ਇਹ ਪੰਥਕ ਸੋਚ ਵਾਲਾ ਜੁਝਾਰੂ ਜਜ਼ਬਾ ਹੀ ਤੁਹਾਨੂੰ ਆਪਣੇ ਕੌਮੀ ਘਰ ਖਾਲਿਸਤਾਨ ਦੀ ਉਸਾਰੀ ਦੇ ਲਈ ਵਿੱਢੇ ਹਥਿਆਰਬੰਦ ਸੰਘਰਸ਼ ਵਿਚ ਕੁੱਦ ਕੇ ਸ਼ਹੀਦੀ ਪਾਉਣ ਵੱਲ ਮੋੜ ਲਿਆਇਆ। ਤੇ ਇਹ ਸ਼ਹਾਦਤ ਦਾ ਜਾਮ ਪੀਣ ਦਾ ਮੌਕਾ ਵੀ ਤਾਂ ਕਿਸੇ ਵਿਰਲੇ ਤੇ ਭਾਗਾਂ ਵਾਲੇ ਨੂੰ ਹੀ ਨਸੀਬ ਹੁੰਦਾ ਹੈ।

ਪਰਮ ,ਤੁਸੀਂ ਸਿੱਖ ਪੰਥ ਦੀ ਆਨ, ਬਾਨ ਤੇ ਸ਼ਾਨ ਨੂੰ ਬਰਕਰਾਰ ਰੱਖਣ ਦੇ ਲਈ ਸ਼ਹਾਦਤ ਦਾ ਜਾਮ ਪੀਤਾ, ਮੈਨੂੰ ਕੋਈ ਅਫਸੋਸ ਨਹੀਂ। ਸਗੋਂ ਅਫਸੋਸ ਤਾਂ ਇਸ ਗੱਲ ਦਾ ਹੈ ਕਿ ਇਸ ਸੁਨਿਹਰੀ ਮੌਕੇ ਤੁਸੀਂ ਮੈਨੂੰ ਆਪਣਾ ਭਾਗੀਦਾਰ ਕਿਉਂ ਨਹੀਂ ਬਣਾਇਆ ? ਜਦੋਂ ਕਿ ਤੁਸੀਂ ਮੇਰੇ ਨਾਲ ਵਾਅਦਾ ਕੀਤਾ ਸੀ ਇਕੱਠੇ ਜਿਉਣ - ਮਰਨ ਦਾ। ਪਰ ਤੁਸੀਂ ਵਾਅਦਾ ਨਹੀਂ ਨਿਭਾਇਆ। ਪਰ ਇਸ ਦੇ ਲਈ ਤੁਸੀਂ ਆਪਣੇ ਆਪ ਨੂੰ ਦੋਸ਼ੀ ਨਾ ਸਮਝਿਉ। ਹੋ ਸਕਦਾ ਮੇਰੀ ਹੀ ਭਗਤੀ ਵਿਚ ਕੋਈ ਕਮੀ ਰਹਿ ਗਈ ਹੋਵੇ, ਜੋ ਉਸ ਸਮੇਂ ਤੁਹਾਡੇ ਨਾਲ ਹੁੰਦੇ ਹੋਏ ਵੀ ਮੈਂ ਇਸ ਅਣਮੁੱਲੀ ਦਾਤ ਤੋਂ ਵਾਂਝੀ ਰਹਿ ਗਈ। ਇਹ ਵੀ ਹੋ ਸਕਦਾ ਕਿ ਵਾਹਿਗੁਰੂ ਜੀ ਨੇ ਮੇਰੇ ਤੋਂ ਅਜੇ ਹੋਰ ਸੇਵਾ ਲੈਣੀ ਹੋਵੇ ਤਾਂ ਕੀ ਤੁਹਾਡੇ ਅਧੂਰੇ ਰਹਿ ਗਏ ਕਾਰਜਾਂ ਵਿਚ ਮੈਂ ਵੀ ਕੋਈ ਯੋਗਦਾਨ ਪਾ ਸਕਾਂ। ਖੈਰ ਕੋਈ ਗੱਲ ਨਹੀਂ ਪਰਮਜੀਤ, ਤੁਸੀਂ ਜੋ ਮੈਨੂੰ ਇੱਕ ਪਵਿੱਤਰ ਤੇ ਅਨੋਖਾ ਰੁਤਬਾ ਦਿੱਤਾ, " ਇੱਕ ਕੌਮੀ ਸ਼ਹੀਦ ਦੀ ਸਿੰਘਣੀ ਅਖਵਾਉਣ ਦਾ, ਮੇਰੇ ਲਈ ਇਹੀ ਬਹੁਤ ਮਾਣ ਵਾਲੀ ਗੱਲ ਹੈ।

ਪਰਮ , ਮੈਨੂੰ ਏਸ ਗੱਲ ਦਾ ਵੀ ਕੋਈ ਅਫਸੋਸ ਨਹੀਂ ਕਿ ਆਪਣੀ ਸਵਾ ਕੁ ਪੰਜ ਸਾਲ ਦੀ ਵਿਆਹੁਤਾ ਜ਼ਿੰਦਗੀ ਇੱਕ ਪਤੀ ਪਤਨੀ ਦੀ ਤਰ੍ਹਾਂ ਕੇਵਲ ਚੰਦ ਕੁ ਦਿਨ ਹੀ ਰਿਹਾ ਕਿਉਂਕਿ ਵਿਆਹ ਤੋਂ ਬਾਅਦ ਜਿੱਥੇ ਤੁਹਾਡੀ ਸਾਰੀ ਜ਼ਿੰਦਗੀ ਜੇਲ੍ਹਾਂ ਵਿਚ ਜਾਂ ਭਗੌੜੇ ਰਹਿ ਕੇ ਲੰਘੀ, ਓਥੇ ਮੈਨੂੰ ਵੀ ਜਿਆਦਾ ਸਮਾ ਏਧਰ ਓਧਰ ਰਹਿ ਕੇ ਹੀ ਲੰਘਾਉਣਾ ਪਿਆ, ਕਿਉਂਕਿ ਵਿਆਹ ਤੋਂ ਪਹਿਲਾਂ ਜੋ ਮੇਰੇ ਪਠਾਨਕੋਟ ਵਾਲੇ ਕੇਸ ਸਨ, ਮੇਰਾ ਪਿੱਛਾ ਨਹੀਂ ਸੀ ਛੱਡ ਰਹੇ। ਪਰ ਇਸਦੇ ਬਾਵਜੂਦ ਮੇਰੇ ਲਈ ਤਾਂ ਇਹਨਾਂ ਸਵਾ ਪੰਜ ਸਾਲਾਂ 'ਚ ਬਿਤਾਇਆ ਇੱਕ ਇੱਕ ਪਲ ਯਾਦਗਾਰੀ ਪਲ ਰਿਹਾ ਹੈ। ਮੈਨੂੰ ਤਾਂ ਅੱਜ ਵੀ ਨਹੀਂ ਲੱਗਦਾ ਕਿ ਮੈਂ ਇਕੱਲੀ ਹਾਂ। ਇੰਝ ਲੱਗਦਾ ਜਿਵੇਂ ਕਿ ਤੁਸੀਂ ਹਰ ਵਕਤ ਮੇਰੇ ਨਾਲ ਹੋਵੋ, ਤੇ ਮੇਰੀਆਂ ਗਤੀਵਿਧੀਆਂ ਨੂੰ ਲੈ ਕੇ ਮਨ ਹੀ ਮਨ ਵਿਚ ਖੁਸ਼ ਹੋ ਰਹੇ ਹੋਵੋ।

ਤੁਹਾਡੀ ਸੋਚ ਨੂੰ ਜ਼ਿੰਦਾ ਰੱਖਣ ਦੇ ਲਈ, ਤੁਹਾਡੀ ਸ਼ਹਾਦਤ ਤੋਂ ਬਾਅਦ ਵੀ ਮੇਰੀ ਜ਼ਿੰਦਗੀ ਦਾ ਇੱਕ ਇੱਕ ਪਲ, ਇੱਕ ਇੱਕ ਸਾਹ ਤੁਹਾਡੀ ਸੋਚ ਨੂੰ ਸਮੱਰਪਿਤ ਰਿਹਾ ਹੈ। ਤੁਸੀਂ ਹਮੇਸ਼ਾਂ ਕਹਿੰਦੇ ਹੁੰਦੇ ਸੀ, " ਕੁਲਵਿੰਦਰ, ਕੋਈ ਅਜਿਹਾ ਕੰਮ ਨਹੀਂ ਕਰਨਾ ਜਿਸ ਨਾਲ ਪੰਥ ਦੀ ਮਾਣ ਮਰਿਆਦਾ ਨੂੰ ਸੱਟ ਵਜੇ, ਤੇਰੇ ਪਰਮ ਦੇ ਨਾਂ ਨੂੰ ਕੋਈ ਧੱਬਾ ਲੱਗੇ। ਤੁਹਾਡੇ ਬੋਲ ਮੈਨੂੰ ਯਾਦ ਹਨ, ਤੁਹਾਡੀ ਬੱਚੀ ਮੇਰੇ ਕੋਲ ਤੁਹਾਡੀ ਵੱਡੀ ਨਿਸ਼ਾਨੀ ਹੈ, ਸੁਭਾਗੀ ਗੱਲ ਇਹ ਵੀ ਹੈ ਕਿ ਪੰਥਕ ਸਫ਼ਾਂ ਵਿੱਚ ਵਿਚਰਦਿਆਂ ਮੇਰਾ ਇੱਕ ਐਸੇ ਗੁਰਸਿੱਖ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ (ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ) ਨਾਲ ਵੀ ਗੂੜ੍ਹੀ ਸਾਂਝ ਪੈ ਗਈ ਜੋ ਮੇਰੇ ਪੁੱਤਰ ਸਮਾਨ ਹੈ ਤੇ ਉਹ ਵੀ ਮੈਨੂੰ ਆਪਣੀ ਮਾਂ ਵਾਂਗ ਸਮਝ ਕੇ ਮੇਰਾ ਸਾਥ ਦਿੰਦਾ ਹੈ।

" ਸੱਚਮੁੱਚ ਸਰਦਾਰ ਪਰਮਜੀਤ ਸਿੰਘ ਜੀ, ਵਾਹਿਗੁਰੂ ਜੀ ਦੀ ਮਿਹਰ ਸਦਕਾ ਮੈਂ ਤੁਹਾਡੀ ਸੋਚ 'ਤੇ ਪਹਿਰਾ ਦਿੰਦਿਆਂ ਹੋਇਆਂ, ਤੇਰੇ ਅਧੂਰੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਅੱਜ ਤੱਕ ਸੰਘਰਸ਼ੀ ਜੀਵਨ ਹੀ ਜੀ ਰਹੀ ਹਾਂ ਅਤੇ ਤੁਹਾਡੇ ਨਾਲ ਕੀਤੇ ਵਾਅਦੇ ਅਨੁਸਾਰ ਮੇਰੀ ਜ਼ਿੰਦਗੀ ਦਾ ਆਖਰੀ ਸਾਹ ਵੀ ਆਪਣੇ ਕੌਮੀ ਘਰ ਖਾਲਿਸਤਾਨ ਨੂੰ ਹੀ ਸਮਰਪਿਤ ਹੋਵੇਗਾ।

**" ਪਰਮਜੀਤ ਤੇਰੀ ਮੈਂ ਯਾਦ ਅੰਦਰ,**  
**ਹੰਝੂ ਅੱਖ 'ਚੋਂ ਇੱਕ ਨਹੀਂ ਵਹਿਣ ਦੇਣਾ।**  
**ਸੁਪਨੇ ਤੇਰੇ ਅਧੂਰੇ ਜੋ ਰਹਿ ਗਏ ਨੇ,**  
**ਅਧੂਰਾ ਇੱਕ ਵੀ ਸੁਪਨਾ ਨਹੀਂ ਰਹਿਣ ਦੇਣਾ।**  
**ਹੱਥ ਫੜਾਂਗੀ ਤੇਰੀ ਬੰਦੂਕ ਨੂੰ ਮੈਂ,**  
**ਜ਼ੁਲਮ ਕੌਮ ਨੂੰ ਹੋਰ ਨਹੀਂ ਸਹਿਣ ਦੇਣਾ।**  
**ਜਦੋਂ ਤੱਕ ਸਰੀਰ ਵਿਚ ਦਮ ਹੈ ਏ ,**  
**ਟਿੱਕ ਕੇ ਵੈਰੀ ਨੂੰ ਜਰਾ ਨਹੀਂ ਬਹਿਣ ਦੇਣਾ।**

**- ਕੁਲਵਿੰਦਰ ਕੌਰ ਖਾਲਸਾ**  
**(ਸੁਪਤਨੀ ਸ਼ਹੀਦ ਭਾਈ ਪਰਮਜੀਤ ਸਿੰਘ ਤੁਗਲਵਾਲਾ)**

# ਖਾਲਸਾ ਕਾਲਜ ਮਹਿਤਾ ਦੇ ਵਿਦਿਆਰਥੀਆਂ ਦਾ ਧਾਰਮਿਕ ਟੂਰ ਕਰਵਾਇਆ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ, 18 ਅਪ੍ਰੈਲ-** ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਜਿੱਥੇ ਵਿਦਿਆ ਦੇ ਖੇਤਰ ਵਿੱਚ ਮੋਹਰੀ ਮੱਲਾ ਮਾਰ ਰਿਹਾ , ਇਸ ਦੇ ਨਾਲ ਇੱਥੇ ਪੜਦੇ ਬੱਚਿਆਂ ਨੂੰ ਧਾਰਮਿਕ ਸਿੱਖਿਆ ਸੰਬੰਧੀ ਜਾਣਕਾਰੀ ਦੇਣ ਦੇ ਮੰਤਵ ਨਾਲ ਸਮੇਂ ਸਮੇਂ ਉਪਰਾਲੇ ਵੀ ਕਰ ਰਿਹਾ ਹੈ ।ਇਸ ਸਬੰਧੀ ਅੱਜ ਖਾਲਸਾ ਕਾਲਜ ਮਹਿਤਾ ਦੇ ਵਿਦਿਆਰਥੀਆਂ ਨੂੰ ਬਾਬਾ ਬੁੱਢਾ ਸਾਹਿਬ ਕੱਥੂ ਨੰਗਲ ਵਿਖੇ ਧਾਰਮਿਕ ਟੂਰ ਕਰਵਾਇਆ ਗਿਆ। ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਟੂਰ ਨੂੰ ਰਵਾਨਾ ਕਰਨ ਮੌਕੇ ਇਸ ਅਸਥਾਨ ਦੇ ਇਤਿਹਾਸ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ।ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਧਾਰਮਿਕ ਟੂਰ ਦੀ ਮਹੱਤਤਾ ਦੱਸਦਿਆ ਹੋਇਆ ਕਿਹਾ ਕਿ ਅਜੋਕੇ ਸਮੇਂ ਵਿੱਚ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਸਿੱਖ ਗੁਰਦੁਆਰਿਆਂ ਦੇ ਦਰਸ਼ਨ ਕਰਨੇ ਅਤੇ ਸਿੱਖ ਕੌਮ ਦੇ ਇਤਿਹਾਸਿਕ ਪਿਛੋਕੜ ਨੂੰ ਜਾਣਨ ਲਈ ਟੂਰ ਬਹੁਤ ਹੀ ਮਹੱਤਵਪੂਰਨ ਹਨ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਦੂਰ ਰੱਖਣ ਲਈ ਬਾਣੀ ਨਾਲ ਜੋੜਨਾ ਬਹੁਤ ਜਰੂਰੀ ਹੈ। ਇਸ ਦੌਰਾਨ ਵਿਦਿਆਰਥੀਆਂ ਨੂੰ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਵਾਏ ਗਏ। ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਸਰਬੱਤ ਦੇ ਭਲੇ ਲਈ ਅਤੇ ਅਦਾਰੇ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਅਤੇ ਇਸ ਉਪਰੰਤ ਸਮੂਹ ਸੰਗਤਾਂ ਨੇ ਲੰਗਰ ਛਕਿਆ। ਇਸ ਟੂਰ ਵਿੱਚ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ,ਕੁਲਦੀਪ ਕੌਰ, ਮਨਜੀਤ ਕੌਰ, ਪੂਰਤੀ ਸ਼ਰਮਾ ,ਗੁਰਵਿੰਦਰ ਕੌਰ ਗੁਰਸ਼ਰਨਪ੍ਰੀਤ ਕੌਰ ,ਸੁਪ੍ਰੀਤ ਕੌਰ , ਰੁਪਿੰਦਰ ਕੌਰ, ਅਮਨਦੀਪ ਕੌਰ ,ਪਵਨਪ੍ਰੀਤ ਕੌਰ ਅਤੇ ਕਾਬਲ ਸਿੰਘ ਆਦਿ ਵੀ ਸ਼ਾਮਿਲ ਸਨ।

# ਜੰਡਿਆਲਾ ਗੁਰੂ ਬਲਾਕ ਵਿਖੇ 21 ਅਪ੍ਰੈਲ ਨੂੰ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਲਗਾਇਆ ਜਾਵੇਗਾ ਧਰਨਾ-ਛੱਜਲ ਵੱਡੀ



ਜੰਡਿਆਲਾ ਗੁਰੂ 18 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਬਲਾਕ ਦੇ ਵੱਖ-ਵੱਖ ਪਿੰਡਾਂ ਦੇ ਮਜ਼ਦੂਰਾਂ ਵੱਲੋਂ 21 ਅਪ੍ਰੈਲ ਨੂੰ ਬੀਡੀਪੀਓ ਦਫਤਰ ਮੂਹਰੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਝੰਡੇ ਹੇਠ ਧਰਨਾ ਲਗਾਇਆ ਜਾਵੇਗਾ ਜਿਸ ਦੀ ਅਗਵਾਈ ਉਕਤ ਜਥੇਬੰਦੀ ਦੇ ਪੰਜਾਬ ਦੇ ਸਿਪਾਹੀ ਮੀਤ ਪ੍ਰਧਾਨ ਨਿਰਮਲ ਛੱਜਰਵੱਡੀ ਵੱਲੋਂ ਕੀਤੀ ਜਾਵੇਗੀ ਧਰਨਾ ਲਗਾਏ ਜਾਣ ਦੇ ਮਸਲੇ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਾਮਰੇਡ ਨਿਰਮਲ ਛੱਜਲਵਡੀ ਨੇ ਕਿਹਾ ਕਿ ਕੁੱਲ ਮਿਲਾ ਕੇ ਪਿੰਡਾਂ ਦੇ ਗਰੀਬ ਮਜ਼ਦੂਰਾਂ ਕੋਲ ਮਨਰੇਗਾ ਸਕੀਮ ਵਿੱਚ ਕੰਮ ਹੀ ਉਹਨਾਂ ਦੀ ਰੋਜ਼ੀ ਰੋਟੀ ਦਾ ਸਾਧਨ ਬਚਿਆ ਹੈ ਪਰ ਸਰਕਾਰ ਨੇ ਗਰੀਬ ਜਨਤਾ ਦੀ ਹੋਰ ਸਾਧਨਾ ਰਾਹੀਂ ਸਹਾਇਤਾ ਕਰਨੀ ਤਾਂ ਦੂਰ ਦੀ ਕੌਡੀ ਹੈ ਉਹ ਮਜ਼ਦੂਰਾਂ ਦੇ ਮਨਰੇਗਾ ਸਕੀਮ ਵਿੱਚ ਕੀਤੇ ਕੰਮ ਦੇ ਪੈਸੇ ਵੀ ਜਨਵਰੀ ਮਹੀਨੇ ਤੋਂ ਨਹੀਂ ਦੇ ਰਹੀ ਮਨਰੇਗਾ ਕਾਨੂੰਨ ਅਨੁਸਾਰ ਮਜ਼ਦੂਰੀ ਦੇ ਰੁਪਏ ਹਰ ਹਫਤੇ ਲਾਭਪਾਤਰੀ ਦੇ ਖਾਤੇ ਵਿੱਚ ਸਰਕਾਰ ਵੱਲੋਂ ਪਾਏ ਜਾਣੇ ਹੁੰਦੇ ਹਨ ਪਰ ਸਾਢੇ ਤਿੰਨ ਮਹੀਨੇ ਗੁਜਰ ਜਾਣ ਦੇ ਬਾਵਜੂਦ ਵੀ ਲੋਕਾਂ ਦੇ ਬਕਾਏ ਸਰਕਾਰ ਵੱਲ ਪੈਂਡਿੰਗ ਖੜੇ ਹਨ ਮਨਰੇਗਾ ਮਜ਼ਦੂਰ ਬਲਾਕ ਵਿੱਚ ਅਤੇ ਬੈਂਕਾਂ ਵਿੱਚ ਗੇੜੇ ਲਗਾ ਕੇ ਥੱਕ ਚੁੱਕੇ ਹਨ ਛੱਜਲਵੱਡੀ ਨੇ ਕਿਹਾ ਕਿ ਧਰਨੇ ਦੌਰਾਨ ਖਾਤਿਆਂ ਵਿੱਚ ਪੈਸੇ ਪਵਾਉਣ ਲਈ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਜੋਰਦਾਰ ਆਵਾਜ਼ ਬੁਲੰਦ ਕੀਤੀ ਜਾਵੇਗੀ ਤਾਂ ਕਿ ਸਰਕਾਰ ਅਤੇ ਪ੍ਰਸ਼ਾਸਨ ਦੇ ਬੋਲੇ ਕੰਨਾਂ ਤੱਕ ਆਵਾਜ਼ ਪਹੁੰਚਾਈ ਜਾ ਸਕੇ ਜੇ ਫਿਰ ਵੀ ਮਸਲਾ ਹੱਲ ਨਾ ਹੋਇਆ ਤਾਂ ਧਰਨਾ ਲਗਾਤਾਰ ਜਾਰੀ ਰੱਖਣ ਬਾਰੇ ਵੀ ਵਿਚਾਰ ਕੀਤਾ ਜਾ ਸਕਦਾ ਹੈ।

# ਵਪਾਰ ਲਈ ਸਰਹੱਦਾਂ ਖੁੱਲ੍ਹਣ ਉਪਰੰਤ ਪੰਜਾਬ ਦੇ ਸਮੁੱਚੇ ਵਰਗਾਂ ਦੀ ਆਰਥਿਕਤਾ ਮਜਬੂਤ ਹੋ ਜਾਵੇਗੀ : ਮਾਨ

## ਮੋਦੀ-ਸ਼ਾਹ ਦੀਆਂ ਆਤਮਾਵਾ ਵਿਚ ਆ ਚੁੱਕੀ ਹੈ ਔਰੰਗਜੇਬ ਦੀ ਰੂਹ




**ਨਵੀਂ ਦਿੱਲੀ, 18 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** "ਬੀਤੇ ਕੱਲ੍ਹ ਜੋ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਵਾਹਗਾ ਬਾਰਡਰ ਵਿਖੇ ਸਰਹੱਦਾਂ ਨੂੰ ਵਪਾਰ ਲਈ ਖੋਲਣ ਦੇ ਮਕਸਦ ਨੂੰ ਲੈਕੇ ਜੋ ਵੱਡੀ ਕਾਨਫਰੰਸ ਕੀਤੀ ਹੈ, ਉਸਦਾ ਮੁੱਖ ਉਦੇਸ ਜਿੰਮੀਦਾਰ, ਮਜਦੂਰਾਂ, ਟਰਾਸਪੋਰਟਰਾਂ, ਆੜਤੀਆ, ਵਪਾਰੀਆ ਆਦਿ ਸਭਨਾਂ ਦੀ ਆਰਥਿਕਤਾ ਨੂੰ ਹੁਲਾਰਾ ਦਿੰਦੇ ਹੋਏ ਇਥੋ ਦੀ ਵੱਡੀ ਬੇਰੁਜਗਾਰੀ ਦੀ ਸਮੱਸਿਆ ਨੂੰ ਹੱਲ ਕਰਨਾ ਵੀ ਹੈ । ਜਿਸ ਤਰ੍ਹਾਂ ਉਪਰੋਕਤ ਸਭ ਵਰਗਾਂ ਨੇ ਅਤੇ ਪਾਰਟੀ ਅਹੁਦੇਦਾਰਾਂ ਨੇ ਵੱਡੀ ਜਿੰਮੇਵਾਰੀ ਨਿਭਾਕੇ ਇਨ੍ਹਾਂ ਸਰਹੱਦਾਂ ਖੋਲਣ ਦੇ ਪ੍ਰੋਗਰਾਮ ਨੂੰ ਮਜਬੂਤੀ ਨਾਲ ਕਾਮਯਾਬ ਕੀਤਾ ਹੈ, ਉਸਦਾ ਪ੍ਰਭਾਵ ਇਹ ਪਿਆ ਹੈ ਕਿ ਲੋਕਾਂ ਦੇ ਰੋਹ ਅਤੇ ਜੋਸ ਨੂੰ ਦੇਖਦੇ ਹੋਏ ਬੀ.ਐਸ.ਐਫ ਵੀ ਇਸ ਉੱਠੇ ਵਿਚਾਰਾਂ ਦੇ ਪ੍ਰਭਾਵ ਨੂੰ ਨਾ ਰੋਕ ਸਕੀ । ਸਰਕਾਰ ਨੂੰ ਪੁਲਿਸ ਦਾ ਵੱਡੇ ਤੌਰ ਤੇ ਪ੍ਰਬੰਧ ਕਰਨਾ ਪਿਆ । ਇਸਦੇ ਬਾਵਜੂਦ ਵੀ ਸਮੁੱਚੇ ਪੰਜਾਬੀਆਂ ਵੱਲੋ ਲਗਾਈਆ ਗਈਆ ਰੋਕਾਂ ਨੂੰ ਤੋੜਕੇ ਸਰਹੱਦ ਵੱਲ ਆਪਣਾ ਸਮਾਨ ਚੁੱਕ ਕੇ ਵੱਧਦੇ ਹੋਏ ਮਿਸਨ ਨੂੰ ਉਜਾਗਰ ਕੀਤਾ ਗਿਆ । ਜਿਸ ਲਈ ਪਾਰਟੀ ਅਹੁਦੇਦਾਰ, ਮੈਂਬਰ ਅਤੇ ਸਭ ਹੋਰ ਸਹਿਯੋਗੀ ਮੁਬਾਰਕਬਾਦ ਦੇ ਹੱਕਦਾਰ ਹਨ । ਇਹ ਪ੍ਰੋਗਰਾਮ ਇਸ ਲਈ ਕਰਨਾ ਪਿਆ ਕਿਉਂਕਿ ਅਸੀ ਲੰਮੇ ਸਮੇ ਤੋ ਇਹ ਮੰਗ ਕਰਦੇ ਆ ਰਹੇ ਹਾਂ ਕਿ ਇੰਡੀਅਨ ਹੁਕਮਰਾਨ ਸਰਹੱਦਾਂ ਖੋਲ੍ਹਕੇ ਜਿੰਮੀਦਾਰਾਂ ਦੀ ਪੈਦਾਵਾਰ ਅਤੇ ਛੋਟੇ ਵਪਾਰੀਆ ਦੇ ਤਿਆਰ ਕੀਤੇ ਮਾਲ ਨੂੰ ਮੱਧ ਏਸੀਆ, ਅਰਬ ਮੁਲਕਾਂ ਵਿਚ ਖੁੱਲ੍ਹੇ ਵਪਾਰ ਰਾਹੀ ਖਰੀਦੋ ਫਰੋਖਤ ਕਰਨ ਦੇ ਅਧਿਕਾਰ ਦੇਵੇ ਤਾਂ ਕਿ ਜਿੰਮੀਦਾਰ ਆਪਣੀਆ ਫਸਲਾਂ ਅਤੇ ਛੋਟੇ ਵਪਾਰੀ ਆਪਣੇ ਉਤਪਾਦਾਂ ਨੂੰ ਸਹੀ ਕੀਮਤਾਂ ਤੇ ਕੌਮਾਂਤਰੀ ਵਪਾਰ ਰਾਹੀ ਵੇਚਕੇ ਆਪਣੀ ਆਰਥਿਕਤਾ ਨੂੰ ਮਜਬੂਤ ਕਰ ਸਕਣ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਕੱਲ੍ਹ ਵਾਹਗਾ ਬਾਰਡਰ ਤੇ ਹੋਏ ਵੱਡੇ ਇਕੱਠ ਨੂੰ ਸੁਬੋਧਨ ਕਰਦੇ ਹੋਏ ਅਤੇ ਇਸ ਇਕੱਠ ਦੀ ਸਮਿਖਿਆ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੇਕਰ ਸਮੁੱਚੇ ਪੰਜਾਬੀਆਂ ਦੀ ਇਸ ਮੁੱਖ ਮੰਗ ਨੂੰ ਇਮਾਨਦਾਰੀ ਨਾਲ ਹੁਕਮਰਾਨ ਪੂਰਨ ਕਰ ਦੇਣ ਤਾਂ ਇਸ ਨਾਲ ਪੰਜਾਬ ਦੇ ਜਿੰਮੀਦਾਰਾਂ ਦੇ ਉਤਪਾਦਾਂ ਦੀ ਜੋ ਕੀਮਤ ਉਨ੍ਹਾਂ ਨੂੰ ਇਸ ਸਮੇ ਕਾਫੀ ਘੱਟ ਮਿਲ ਰਹੀ ਹੈ, ਉਹ ਵੱਧਕੇ ਲਾਭ ਵੱਡਾ ਹੋ ਜਾਵੇਗਾ । ਜਿਵੇ ਇਸ ਸਮੇ ਇੰਡੀਆ ਵਿਚ ਕਣਕ 2400 ਰੁਪਏ ਪ੍ਰਤੀ ਕੁਇੰਟਲ ਹੈ ਤੇ ਪਾਕਿਸਤਾਨ ਵਿਚ 3400 ਰੁਪਏ ਪ੍ਰਤੀ ਕੁਇੰਟਲ ਹੈ । ਜਿੰਮੀਦਾਰ ਨੂੰ ਸਰਹੱਦਾਂ ਖੋਲਣ ਨਾਲ ਇਕ ਕੁਇੰਟਲ ਪਿਛੇ 1000 ਰੁਪਏ ਦਾ ਸਿੱਧਾ ਫਾਇਦਾ ਹੋਵੇਗਾ । ਇਸ ਨਾਲ ਖੇਤ-ਮਜਦੂਰ, ਆੜਤੀਏ, ਟਰਾਸਪੋਰਟਰਾਂ ਦੇ ਲਾਭ ਵੀ ਵੱਧਣਗੇ ਅਤੇ ਇਨ੍ਹਾਂ ਖੇਤਰਾਂ ਵਿਚ ਕੰਮ ਕਰਨ ਦੇ ਮੌਕੇ ਵੱਧਣ ਕਾਰਨ ਵੱਡੀ ਹੱਦ ਤੱਕ ਬੇਰੁਜਗਾਰੀ ਵੀ ਖਤਮ ਹੋਵੇਗੀ । ਦੂਸਰਾ ਜਦੋ ਸਿੱਧੀਆ ਫਸਲਾਂ ਸਰਹੱਦਾਂ ਰਾਹੀ ਬਾਹਰ ਜਾਣਗੀਆ ਤਾਂ ਜੋ ਇਥੋ ਦੇ ਗੋਦਾਮ ਨੱਕੋ ਨੱਕ ਭਰੇ ਪਏ ਹਨ ਅਤੇ ਜਿਨ੍ਹਾਂ ਵਿਚ ਲੰਮੇ ਸਮੇ ਤੋ ਪਈਆ ਫਸਲਾਂ ਸੁਸਰੀ ਅਤੇ ਚੂਹਿਆ ਰਾਹੀ ਵੱਡੀ ਮਾਤਰਾ ਵਿਚ ਖਰਾਬ ਹੋ ਰਹੀ ਹੈ, ਫਿਰ ਖਾਦ ਪਦਾਰਥਾਂ ਦੇ ਅਤੇ ਗੋਦਾਮਾਂ ਨਾਲ ਸੰਬੰਧਤ ਅਧਿਕਾਰੀਆ ਵੱਲੋ 2 ਨੰਬਰ ਵਿਚ ਇਹ ਫਸਲਾਂ ਚੋਰੀ ਕਰਕੇ ਵੇਚੀਆ ਜਾਂਦੀਆ ਹਨ ਅਤੇ ਵੱਡਾ ਘਾਟਾ ਪੈ ਰਿਹਾ ਹੈ । ਉਹ ਵੀ ਖਤਮ ਹੋ ਜਾਵੇਗਾ । ਉਨ੍ਹਾਂ ਕਿਹਾ ਕਿ ਮੌਜੂਦਾ ਮੋਦੀ-ਸ਼ਾਹ ਦੀ ਇੰਡੀਅਨ ਹਕੂਮਤ ਮੁਸਲਿਮ ਅਤੇ ਸਿੱਖ ਦੋਵੇ ਘੱਟ ਗਿਣਤੀ ਕੌਮਾਂ ਨਾਲ ਨਫਰਤ ਦੀ ਨੀਤੀ ਅਧੀਨ ਅਮਲ ਕਰ ਰਹੀ ਹੈ । ਜੋ ਵਕਫ ਬੋਰਡ ਸੰਬੰਧੀ ਨਵਾਂ ਕਾਨੂੰਨ ਲਿਆਕੇ ਮੁਸਲਿਮ ਕੌਮ ਦੀਆਂ ਦਾਨ ਕੀਤੀਆ ਜਾਇਦਾਦਾਂ ਤੇ ਹੁਕਮਰਾਨਾਂ ਵੱਲੋ ਕਬਜੇ ਕਰਨ ਦੀ ਮੰਦਭਾਵਨਾ ਹੈ, ਉਸ ਉਤੇ ਅੱਜ ਸੁਪਰੀਮ ਕੋਰਟ ਨੇ ਫੈਸਲਾ ਦੇਣਾ ਹੈ । ਕਹਿਣ ਤੋ ਭਾਵ ਹੈ ਕਿ ਹੁਕਮਰਾਨ ਜੋ ਦੋਵੇ ਘੱਟ ਗਿਣਤੀ ਕੌਮਾਂ ਨਾਲ ਜ਼ਬਰ ਕਰਦੇ ਆ ਰਹੇ ਹਨ, ਉਸਦਾ ਅੰਤ ਕਰਨ ਲਈ ਪੰਜਾਬੀਆਂ ਨੂੰ ਬਿਨ੍ਹਾਂ ਕਿਸੇ ਭੇਦਭਾਵ ਦੇ ਇਕੱਤਰ ਹੋ ਕੇ ਹੁਕਮਰਾਨਾਂ ਦੇ ਜ਼ਬਰ ਵਿਰੁੱਧ ਜੂਝਣਾ ਪਵੇਗਾ । ਕਿਉਂਕਿ ਸਾਡੇ ਵਪਾਰੀਆ, ਕਾਰਖਾਨੇਦਾਰਾਂ ਵੱਲੋ ਜੋ ਮਸੀਨਾਂ, ਟਰੈਕਟਰ ਅਤੇ ਹੋਰ ਖੇਤੀ ਔਜਾਰ ਬਣਾਏ ਜਾ ਰਹੇ ਹਨ, ਉਨ੍ਹਾਂ ਨੂੰ ਇਥੋ ਗੁਜਰਾਤ ਲਿਜਾਕੇ ਕਰਾਂਚੀ ਰਾਹੀ ਦੂਜੇ ਮੁਲਕਾਂ ਵਿਚ ਭੇਜਕੇ ਉਨ੍ਹਾਂ ਦੀ ਲਾਗਤ ਕੀਮਤ ਵਧਾਈ ਜਾ ਰਹੀ ਹੈ ਅਤੇ ਉਤਪਾਦਕਾਂ ਦੇ ਲਾਭ ਨੂੰ ਸੱਟ ਮਾਰੀ ਜਾ ਰਹੀ ਹੈ । ਜਦੋਕਿ ਵਾਹਗਾ ਬਾਰਡਰ ਤੋ ਲਾਹੌਰ ਕਰਾਂਚੀ 15 ਕਿਲੋਮੀਟਰ ਦੀ ਦੂਰੀ ਤੇ ਹਨ । ਇਥੋ ਸਰਹੱਦਾਂ ਖੁੱਲ੍ਹਣ ਨਾਲ ਜਿਥੇ ਉਤਪਾਦਕਾਂ ਦਾ ਲਾਭ ਵੱਧੇਗਾ, ਉਥੇ ਖਰੀਦ ਕਰਤਾ ਦੇ ਲਾਭ ਵਿਚ ਵੀ ਵਾਧਾ ਹੋਵੇਗਾ।

ਵਿਦਿਆਰਥੀ ਜੀਵਨ ਵਿੱਚ

# ਸਵੈ-ਅਧਿਐਨ ਦੀ ਮਹੱਤਤਾ



**ਅਜੋਕਾ** ਯੁੱਗ ਤਕਨੀਕੀ ਮੁਹਾਰਤ ਦਾ ਯੁੱਗ ਹੈ ਅਤੇ ਤਕਨੀਕੀ ਸਮਰੱਥਾ ਵਿੱਚ ਸਫਲਤਾ ਕਾਰਨ ਜਾਣਕਾਰੀ ਬਹੁਤ ਹੀ ਵੱਧ ਗਈ ਹੈ ਅਤੇ ਵਿਦਿਆਤਮਿਕ ਸਰੋਤਾਂ ਦੀ ਪਹੁੰਚ ਪਹਿਲਾਂ ਤੋਂ ਜ਼ਿਆਦਾ ਆਸਾਨ ਹੋ ਗਈ ਹੈ। ਸਵੈ ਅਧਿਐਨ ਵਿਦਿਆਰਥੀ ਜੀਵਨ ਦੇ ਇੱਕ ਅਹਿਮ ਭਾਗ ਵਜੋਂ ਉਭਰ ਕੇ ਸਾਹਮਣੇ ਆਇਆ ਹੈ। ਨਵੇਕਲੇ ਯੁੱਗ ਦੇ ਵਿਦਿਆਰਥੀ ਆਪਣੇ ਅਕਾਦਮਿਕ ਯਾਤਰਾਵਾਂ ਦਾ ਨਵੀਨੀਕਰਨ ਕਰ ਰਹੇ ਹਨ ਅਤੇ ਹੁਣ ਸੁਤੰਤਰਤਾ ਨਾਲ ਸਿੱਖਣ ਦੀ ਸਮਰੱਥਾ ਨਾ ਸਿਰਫ਼ ਉਨ੍ਹਾਂ ਦੀਆਂ ਅਕਾਦਮਿਕ ਕਾਮਯਾਬੀਆਂ ਨੂੰ ਨਿਰਧਾਰਿਤ ਕਰਦੀ ਹੈ ਬਲਕਿ ਉਨ੍ਹਾਂ ਦੇ ਨਿੱਜੀ ਵਿਕਾਸ ਨੂੰ ਵੀ ਰੂਪ ਦੇ ਰਹੀ ਹੈ।

**ਸੁਤੰਤਰ ਸਿੱਖਣ ਵੱਲ ਰੁਖ**

ਪੁਰਾਣੇ ਸਮੇਂ ਵਿੱਚ ਸਿੱਖਿਆ ਜਮਾਤ ਦੀ ਸਿਖਲਾਈ ’ਤੇ ਬਹੁਤ ਨਿਰਭਰ ਸੀ, ਜਿੱਥੇ ਅਧਿਆਪਕ ਜਾਣਕਾਰੀ ਦਾ ਮੁੱਖ ਸਰੋਤ ਹੁੰਦਾ ਸੀ। ਹਾਲਾਂਕਿ ਆਧੁਨਿਕ ਸਿੱਖਿਆ ਦੇ ਮਾਹੌਲ ਵਿੱਚ ਬਦਲਾਅ ਆ ਰਿਹਾ ਹੈ। ਆਨਲਾਈਨ ਕੋਰਸ, ਸਿੱਖਿਆ ਐਪਸ ਅਤੇ ਡਿਜੀਟਲ ਪੁਸਤਕਾਂ ਦੇ ਉੱਧਮ ਨਾਲ ਵਿਦਿਆਰਥੀਆਂ ਨੂੰ ਐਸੇ ਟੂਲ ਮਿਲ ਰਹੇ ਹਨ ਜੋ ਉਨ੍ਹਾਂ ਨੂੰ ਆਪਣੇ ਸਿੱਖਣ ਦੇ ਅਨੁਭਵ ਨੂੰ ਸੰਭਾਲਣ ਦੀ ਆਗਿਆ ਦਿੰਦੇ ਹਨ। ਇਹ ਸੁਤੰਤਰ ਸਿੱਖਣ ਵੱਲ ਰੁਖ ਸਵੈ ਅਧਿਐਨ ਦੀ ਮਹੱਤਤਾ ਨੂੰ ਉਜਾਗਰ ਕਰਦਾ ਹੈ ਜੋ ਕਿ ਸੰਵੇਦਨਸ਼ੀਲਤਾ, ਸਮੱਸਿਆ ਹੱਲ ਕਰਨ ਦੀ ਸਮਰੱਥਾ ਅਤੇ ਜੀਵਨ ਭਰ ਸਿੱਖਣ ਦੇ ਪ੍ਰੇਮ ਨੂੰ ਉਤਸ਼ਾਹਿਤ ਕਰਦਾ ਹੈ।

**ਸਵੈ ਅਧਿਐਨ ਦੇ ਫਾਇਦੇ**

1. ਸਮਝ ਵਿੱਚ ਵਾਧਾ: ਸਵੈ ਅਧਿਐਨ ਵਿਦਿਆਰਥੀਆਂ ਨੂੰ ਉਹ ਵਿਸ਼ਿਆਂ ਵਿੱਚ ਡੂੰਘਾਈ ਨਾਲ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਦਿੰਦਾ ਹੈ ਜੋ ਉਨ੍ਹਾਂ ਨੂੰ ਰੁਚੀ ਦਿੰਦੇ ਹਨ। ਕਲਾਸਰੂਮ ਦੇ ਪਾਠਕ੍ਰਮ ਤੋਂ ਬਾਹਰ ਦੇ ਵਿਸ਼ਿਆਂ ਦੀ ਖੋਜ ਕਰਕੇ, ਵਿਦਿਆਰਥੀ ਆਪਣੇ ਅਧਿਐਨ ਦੇ ਖੇਤਰ ਵਿੱਚ ਹੋਰ ਵਿਆਪਕ ਸਮਝ ਵਿਕਸਤ ਕਰ ਸਕਦੇ ਹਨ। ਇਹ ਨਾ ਸਿਰਫ਼ ਅਕਾਦਮਿਕ ਪ੍ਰਦਰਸ਼ਨ ਵਿੱਚ ਮਦਦ ਕਰਦਾ ਹੈ ਬਲਕਿ ਗਿਆਨ ਦੀ ਯਾਦਸ਼ਕਾਰੀ ਵਿੱਚ ਵੀ ਵਾਧਾ ਕਰਦਾ ਹੈ।

2. ਟਾਈਮ ਮੈਨੇਜਮੈਂਟ ਸਕਿਲਜ਼: ਸਵੈ ਅਧਿਐਨ ਵਿੱਚ ਸ਼ਾਮਿਲ ਹੋਣਾ ਵਿਦਿਆਰਥੀਆਂ ਨੂੰ ਆਪਣੇ ਸਮੇਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਿਤ ਕਰਨ ਦੀ ਲੋੜ ਪੈਂਦੀ ਹੈ। ਪਾਠ, ਬਾਹਰੀ ਗਤੀਵਿਧੀਆਂ ਅਤੇ ਨਿੱਜੀ ਜ਼ਿੰਮੇਵਾਰੀਆਂ ਦੇ ਵਿਚਕਾਰ ਸੰਤੁਲਨ ਬਣਾਉਣਾ ਜ਼ਰੂਰੀ ਸਮੇਂ ਪ੍ਰਬੰਧਨ ਸਕਿਲਜ਼ ਨੂੰ ਵਿਕਸਤ ਕਰਦਾ ਹੈ ਜੋ ਉਨ੍ਹਾਂ ਦੇ ਅਕਾਦਮਿਕ ਕਰੀਅਰ ਤੋਂ ਬਾਹਰ ਵੀ ਕੰਮ ਆਉਂਦੇ ਹਨ।

3. ਵਿਅਕਤੀਗਤ ਸਿੱਖਣ ਦਾ ਅਨੁਭਵ: ਹਰ ਵਿਦਿਆਰਥੀ ਦੀ ਆਪਣੀ ਵਿਸ਼ੇਸ਼ ਸਿੱਖਣ ਦੀ ਸ਼ੈਲੀ ਹੁੰਦੀ ਹੈ। ਸਵੈ ਅਧਿਐਨ ਵਿਦਿਆਰਥੀਆਂ ਨੂੰ ਆਪਣੇ ਪਸੰਦ ਦੇ ਅਨੁਸਾਰ ਆਪਣੇ ਅਧਿਐਨ ਦੇ ਤਰੀਕੇ ਨੂੰ ਤਸਵੀਰ ਕਰਨ ਦਾ ਮੌਕਾ ਦਿੰਦਾ ਹੈ, ਚਾਹੇ ਉਹ ਪੜ੍ਹਾਈ ਹੋਵੇ, ਵੀਡੀਓਜ਼ ਦੇਖਣਾ ਜਾਂ ਹੱਥਾਂ ਨਾਲ ਪ੍ਰੋਜੈਕਟਾਂ ਵਿੱਚ ਸ਼ਾਮਿਲ ਹੋਣਾ ਹੋਵੇ। ਇਹ ਵਿਅਕਤੀਗਤ ਪਹੁੰਚ ਇੱਕ ਹੋਰ ਮਾਨਯੋਗ ਅਤੇ ਮਨੋਰੰਜਕ ਸਿੱਖਣ ਦੇ ਅਨੁਭਵ ਵੱਲ ਲੈ ਜਾਂਦੀ ਹੈ।

4. ਵਾਧੂ ਪ੍ਰੇਰਨਾ ਅਤੇ ਅਨੁਸ਼ਾਸਨ: ਸੁਤੰਤਰਤਾ ਨਾਲ ਅਧਿਐਨ ਕਰਨ ਦੀ ਕੋਸ਼ਿਸ਼ ਕਰਨ ਨਾਲ ਜ਼ਿੰਮੇਵਾਰੀ ਅਤੇ ਆਪਣੇ ਆਪ ’ਤੇ ਅਨੁਸ਼ਾਸਨ ਦਾ ਭਾਵ ਵਿਕਸਤ ਹੁੰਦਾ ਹੈ। ਜਿਨ੍ਹਾਂ ਵਿਦਿਆਰਥੀਆਂ ਨੇ ਸਵੈ ਅਧਿਐਨ ਵਿੱਚ ਸ਼ਾਮਿਲ ਹੋਏ ਹਨ, ਉਹ ਆਪਣੇ ਲਕਸ਼ਾਂ ਨੂੰ ਪ੍ਰਾਪਤ ਕਰਨ ਲਈ ਜ਼ਿਆਦਾ ਪ੍ਰੇਰਿਤ ਮਹਿਸੂਸ ਕਰਦੇ ਹਨ, ਕਿਉਂਕਿ ਉਹ ਬਿਨਾਂ ਕਿਸੇ ਬਾਹਰੀ ਦਬਾਅ ਦੇ ਬਲ ਲਗਾਉਂਦੇ ਹਨ।

5. ਭਵਿੱਖੀ ਚੁਣੌਤੀਆਂ ਲਈ ਤਿਆਰੀ: ਅੱਜ ਦੇ ਤੇਜ਼ ਗਤੀ ਵਾਲੇ ਸੰਸਾਰ ਵਿੱਚ, ਸੁਤੰਤਰਤਾ ਨਾਲ ਸਿੱਖਣ ਦੀ ਸਮਰੱਥਾ ਮਹੱਤਵਪੂਰਨ ਹੈ। ਸਵੈ ਅਧਿਐਨ ਵਿਦਿਆਰਥੀਆਂ ਨੂੰ ਨਵੇਂ ਹਾਲਾਤਾਂ ਅਤੇ ਚੁਣੌਤੀਆਂ ਲਈ ਤਿਆਰੀ ਕਰਨ ਵਾਲੀਆਂ ਸਮਰੱਥਾਵਾਂ ਨਾਲ ਲਬਰੇਜ ਕਰਦਾ ਹੈ। ਨੌਕਰੀਦਾਤਾ ਉਹਨਾਂ ਉਮੀਦਵਾਰਾਂ ਦੀ ਕਦਰ ਕਰਦੇ ਹਨ ਜੋ ਆਪਣੀ ਸਿੱਖਿਆ ਤੋਂ ਬਾਹਰ ਸਿੱਖਣ ਦੀ ਇੱਛਾ ਦਿਖਾਉਂਦੇ ਹਨ।

**ਪ੍ਰਭਾਵਸ਼ਾਲੀ ਸਵੈ ਅਧਿਐਨ ਲਈ ਰਣਨੀਤੀਆਂ**

ਸਵੈ ਅਧਿਐਨ ਦੇ ਫਾਇਦਿਆਂ ਨੂੰ ਵੱਧ ਤੋਂ ਵੱਧ ਕਰਨ ਲਈ, ਵਿਦਿਆਰਥੀਆਂ ਨੂੰ ਹੇਠ ਲਿਖੀਆਂ ਰਣਨੀਤੀਆਂ ਨੂੰ ਲਾਗੂ ਕਰਨ ’ਤੇ ਵਿਚਾਰ ਕਰਨਾ ਚਾਹੀਦਾ ਹੈ:

ਸਪਸ਼ਟ ਟੀਚੇ ਬਣਾਓ: ਨਿਸ਼ਚਿਤ, ਮਾਪਯੋਗ ਟੀਚੇ ਦੀ ਸਥਾਪਨਾ ਕਰਨਾ ਵਿਦਿਆਰਥੀਆਂ ਨੂੰ ਕੇਂਦ੍ਰਿਤ ਅਤੇ ਪ੍ਰੇਰਿਤ ਰਹਿਣ ਵਿੱਚ ਮਦਦ ਕਰ ਸਕਦਾ ਹੈ।

ਅਧਿਐਨ ਦਾ ਸਮਾਂ ਬਣਾਓ: ਸਵੈ ਅਧਿਐਨ ਲਈ ਸਮਾਂ ਨਿਰਧਾਰਿਤ ਕਰਨ ਨਾਲ ਇਹ ਇੱਕ ਨਿਯਮਿਤ ਹਿੱਸਾ ਬਣ ਜਾਂਦਾ ਹੈ, ਜਿਸ ਨਾਲ ਟਾਲਮਟੋਲ ਘੱਟ ਹੁੰਦੀ ਹੈ ਅਤੇ ਉਤਪਾਦਕਤਾ ਵਧਦੀ ਹੈ।

ਵਿਸ਼ਾਲ ਸਰੋਤਾਂ ਦਾ ਇਸਤੇਮਾਲ ਕਰੋ: ਵਿਦਿਆਰਥੀਆਂ ਨੂੰ ਵੱਖ-ਵੱਖ ਸਰੋਤਾਂ ਦਾ ਲਾਭ ਉਠਾਉਣਾ ਚਾਹੀਦਾ ਹੈ, ਜਿਵੇਂ ਕਿ ਆਨਲਾਈਨ ਕੋਰਸ, ਪੋਡਕਾਸਟ, ਲੇਖ ਅਤੇ ਸਿੱਖਿਆ ਵਾਲੀਆਂ ਵੀਡੀਓਜ਼, ਤਾਂ ਜੋ ਵੱਖ-ਵੱਖ ਵਿਸ਼ਿਆਂ ਦੀ ਸਮਝ ਵਿੱਚ ਵਾਧਾ ਕੀਤਾ ਜਾ ਸਕੇ।

ਅਧਿਐਨ ਸਮੂਹਾਂ ਵਿੱਚ ਸ਼ਾਮਿਲ ਹੋਵੋ: ਸਾਥੀਆਂ ਨਾਲ ਮਿਲ ਕੇ ਕੰਮ ਕਰਨ ਨਾਲ ਹੋਰ ਵਿਚਾਰ ਅਤੇ ਪਰਪੇਖ ਮਿਲ ਸਕਦੇ ਹਨ, ਜਿਸ ਨਾਲ ਸਵੈ ਅਧਿਐਨ ਹੋਰ ਇੰਟਰਐਕਟਿਵ ਅਤੇ ਮਨੋਰੰਜਕ ਬਣ ਜਾਂਦਾ ਹੈ।

ਸਿੱਖਣ ’ਤੇ ਵਿਚਾਰ ਕਰੋ: ਜੋ ਕੁਝ ਸਿਖਿਆ ਗਿਆ ਹੈ ਉਸ ’ਤੇ ਵਿਚਾਰ ਕਰਨ ਲਈ ਸਮਾਂ ਲੈਣਾ ਗਿਆਨ ਨੂੰ ਮਜ਼ਬੂਤ ਕਰਨ ਅਤੇ ਉਹਨਾਂ ਖੇਤਰਾਂ ਦੀ ਪਛਾਣ ਕਰਨ ਵਿੱਚ ਮਦਦ ਕਰਦਾ ਹੈ ਜੋ ਹੋਰ ਖੋਜ ਕਰਨ ਦੀ ਲੋੜ ਰੱਖਦੇ ਹਨ।

ਜਿਉ ਜਿਉ ਵਿਦਿਆਰਥੀ ਆਪਣੇ ਅਕਾਦਮਿਕ ਯਾਤਰਾ ਦੇ ਇੱਕ ਮੁੱਖ ਭਾਗ ਵਜੋਂ ਸਵੈ ਅਧਿਐਨ ਨੂੰ ਤਰਜ਼ਹ ਦੇ ਰਹੇ ਹਨ, ਇਹ ਜ਼ਰੂਰੀ ਹੈ ਕਿ ਅਧਿਆਪਕ ਅਤੇ ਸੰਸਥਾਵਾਂ ਇਸ ਪਹਿਲ ਨੂੰ ਸਮਰਥਨ ਦੇਣ। ਸੁਤੰਤਰਤਾ ਨਾਲ ਸਿੱਖਣ ਨੂੰ ਪ੍ਰੋਤਸਾਹਿਤ ਕਰਨ ਨਾਲ ਨਾ ਸਿਰਫ਼ ਵਿਦਿਆਰਥੀਆਂ ਨੂੰ ਸ਼ਕਤੀ ਮਿਲਦੀ ਹੈ ਬਲਕਿ ਉਹਨਾਂ ਨੂੰ ਆਧੁਨਿਕ ਸੰਸਾਰ ਦੀਆਂ ਜਟਿਲਤਾਵਾਂ ਲਈ ਤਿਆਰੀ ਵੀ ਕੀਤੀ ਜਾਂਦੀ ਹੈ। ਐਸੈ ਸੰਸਕਾਰ ਵਿਕਸਤ ਕਰਨ ਵਿੱਚ ਜੋ ਸਵੈ ਅਧਿਐਨ ਦੀ ਕਦਰ ਕਰਦੀ ਹੈ, ਅਸੀਂ ਆਪਣੇ ਵਿਦਿਆਰਥੀਆਂ ਦੀ ਭਵਿੱਖੀ ਕਾਮਯਾਬੀ ਅਤੇ ਲਚਕੀਲੇਪਣ ਵਿੱਚ ਨਿਵੇਸ਼ ਕਰ ਰਹੇ ਹਾਂ—ਉਨ੍ਹਾਂ ਨੂੰ ਉਹਨਾਂ ਟੂਲਾਂ ਨਾਲ ਸੰਬੰਧਿਤ ਕਰਨਾ ਜੋ ਉਨ੍ਹਾਂ ਨੂੰ ਵਿਦਿਆਕ ਅਤੇ ਨਿੱਜੀ ਤੌਰ ’ਤੇ ਵੱਧਣ ਲਈ ਲੋੜੀਂਦੇ ਹਨ। ਅੱਜ ਦੇ ਯੁੱਗ ਵਿੱਚ ਜਿੱਥੇ ਗਿਆਨ ਸਾਡੇ ਉੱਪਰ ਮੌਜੂਦ ਹੈ, ਵਿਦਿਆਰਥੀ ਜੀਵਨ ਵਿੱਚ ਸਵੈ ਅਧਿਐਨ ਦੀ ਭੂਮਿਕਾ ਬਹੁਤ ਮਹੱਤਵਪੂਰਣ ਹੈ; ਇਹ ਨਾ ਸਿਰਫ਼ ਅਕਾਦਮਿਕ ਸ਼੍ਰੇਸ਼ਠਤਾ ਦਾ ਰਸਤਾ ਹੈ ਬਲਕਿ ਜੀਵਨ ਭਰ ਦੀ ਸਿੱਖਣ ਅਤੇ ਵਿਕਾਸ ਦਾ ਵੀ ਰਾਹ ਹੈ।

**-ਸੁਰਿੰਦਰਪਾਲ ਸਿੰਘ**
**ਸ੍ਰੀ ਅਮ੍ਰਿਤਸਰ ਸਾਹਿਬ।**

ਪੰਜਾਬ ਸਟੇਟ ਪੈਨਸ਼ਨਰਜ਼ ਕੰਨਫੈਡਰੇਸ਼ਨ ਦੀ ਸੂਬਾ ਕਾਰਜਕਾਰਨੀ ਦੇ ਅਹੁੱਦੇਦਾਰਾਂ ਅਤੇ ਮੈਂਬਰਾਂ ਦੀ ਸੂਚੀ ਜਾਰੀ: ਸੈਣੀ

# ਪੰਜਾਬ ਸਟੇਟ ਪੈਨਸ਼ਨਰਜ਼ ਕੰਨਫਡੈਰੇਸ਼ਨ ਦੇ ਲਗਾਤਾਰ ਤੀਜੀ ਵਾਰ ਕਰਮ ਸਿੰਘ ਧਨੋਆ ਸੂਬਾ ਪ੍ਰਧਾਨ ਅਤੇ ਕੁਲਵਰਨ ਸਿੰਘ ਜਨਰਲ ਸਕੱਤਰ ਚੁਣੇ ਗਏ



**ਹੁਸ਼ਿਆਰਪੁਰ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਟੇਟ ਪੈਨਸ਼ਨਰਜ਼ ਕੰਨਫਡੈਰੇਸ਼ਨ ਰਜਿ. ਦੇ ਵਧੀਕ ਜਨਰਲ ਸਕੱਤਰ ਬਲਵੀਰ ਸਿੰਘ ਸੈਣੀ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ 17 ਮਾਰਚ 2025 ਨੂੰ ਮੁੱਖ ਦਫ਼ਤਰ ਪੈਨਸ਼ਨ ਭਵਨ ਲੁਧਿਆਣਾ ਵਿਖੇ ਕੰਨਫਰਡਰੇਸ਼ਨ ਜੇ ਡੈਲੀਗੇਟ ਅਜਲਾਸ ਦੌਰਾਨ ਸਾਲ 2025-27 ਲਈ ਸਰਬ ਸੰਮਤੀ ਨਾਲ ਚੋਣ ਹੋਈ ਜਿਸ ਵਿੱਚ ਲਗਾਤਾਰ ਤੀਜੀ ਵਾਰ ਸ਼੍ਰੀ ਕਰਮ ਸਿੰਘ ਧਨੋਆ ਸੂਬਾ ਪ੍ਰਧਾਨ ਅਤੇ ਕੁਲਵਰਨ ਸਿੰਘ ਜਨਰਲ ਸਕੱਤਰ ਚੁਣੇ ਗਏ ਅਤੇ ਡੈਲੀਗੇਟ ਅਜਲਾਸ ਵਿੱਚ ਕਾਰਜਕਾਰੀ ਚੁਣਨ ਦੇ ਪੂਰਨ ਅਧਿਕਾਰ ਪ੍ਰਧਾਨ ਅਤੇ ਜਨਰਲ ਸਕੱਤਰ ਨੂੰ ਦਿੱਤੇ ਗਏ। ਉਨ੍ਹਾਂ ਵੱਲੋਂ ਸੂਬਾ ਕਾਰਜਕਾਰਨੀ ਦੀ ਸੂਚੀ 03/25 ਤੋਂ 03/27 ਤੱਕ ਜਾਰੀ ਕੀਤੀ ਗਈ ਹੈ। ਜਿਸ ਸਬੰਧੀ ਕੰਨਫਡੈਰੇਸ਼ਨ ਦੇ ਸੂਬਾ ਕਾਰਜਕਾਰੀ ਕਮੇਟੀ ਵਿੱਚ ਕਰਮਵਾਰ ਸੂਬਾ ਪ੍ਰਧਾਨ ਸ਼੍ਰੀ ਕਰਮ ਸਿੰਘ ਧਨੋਆ (ਮੋਹਾਲੀ), ਜਨਰਲ ਸਕੱਤਰ ਕੁਲਵਰਨ ਸਿੰਘ (ਹੁਸ਼ਿਆਰਪੁਰ), ਵਿੱਤ ਸਕੱਤਰ ਮਦਨ ਲਾਲ ਮੰਨਨ(ਅੰਮ੍ਰਿਤਸਰ), ਸੀਨੀਅਰ ਮੀਤ ਪ੍ਰਧਾਨ ਅਤੇ ਕਾਰਜਕਾਰੀ ਪ੍ਰਧਾਨ ਪਿਆਰਾ ਸਿੰਘ, ਸੀਨੀਅਰ ਮੀਤ ਪ੍ਰਧਾਨ ਜਵੰਧ ਸਿੰਘ, ਮਦਨ ਗੋਪਾਲ ਸ਼ਰਮਾ, ਬਖ਼ਸ਼ੀਸ਼ ਸਿੰਘ, ਸੀਨੀਅਰ ਮੀਤ ਪ੍ਰਧਾਨ ਅਤੇ ਸੁਬਾਈ ਮੁੱਖ ਬੁਲਾਰੇ ਰਾਜ ਕੁਮਾਰ ਅਰੋੜਾ, ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸਿੰਘ ਪੰਨੂੰ, ਅਜੈਬ ਸਿੰਘ ਭੰਗੂ, ਰਣਜੀਤ ਸਿੰਘ ਸਿੱਧੂ, ਸਿਕੰਦਰ ਸਿੰਘ, ਕਰਮਜੀਤ ਸ਼ਰਮਾ, ਵਾਇਸ ਪ੍ਰਧਾਨ ਦਰਸ਼ਨ ਸਿੰਘ, ਸੋਮ ਲਾਲ, ਨੋਪਾ ਰਾਮ, ਕਿਸ਼ਨ ਚੰਦ ਜੱਗੋਵਾਲੀਆ, ਅਮਰਜੀਤ ਸਿੰਘ, ਅਡੀਸ਼ਨਲ ਜਨਰਲ ਸਕੱਤਰ ਜਗਦੀਸ਼ ਸਿੰਘ ਸਰਾਓ, ਬਲਬੀਰ ਸਿੰਘ ਸੈਣੀ, ਸਵਿੰਦਰ ਸਿੰਘ ਔਲਖ, ਮਨੋਹਰ ਲਾਲ ਸ਼ਰਮਾ, ਆਡੀਟਰ ਪ੍ਰੇਮ ਚੰਦ ਅਗਰਵਾਲ, ਆਡੀਸ਼ਨਲ ਵਿੱਤ ਸਕੱਤਰ ਕੇਵਲ ਕ੍ਰਿਸ਼ਨ ਸ਼ਰਮਾ, ਸਹਾਇਕ ਖਜਾਨਚੀ ਵੀ.ਕੇ. ਖੰਨਾ, ਪ੍ਰਬੰਧਕੀ ਸਕੱਤਰ ਸੁਖਦੇਵ ਸਿੰਘ ਢਿੱਲੋਂ, ਸ਼ਾਮ ਲਾਲ ਗੁੱਪਤਾ, ਸਤਨਾਮ ਸਿੰਘ ਸੰਧੂ, ਆਰ.ਐਲ. ਪਾਂਧੀ, ਪ੍ਰੈਸ ਸਕੱਤਰ ਮਸੀਹ ਚਰਨ, ਮੋਹਿੰਦਰ ਸਿੰਘ ਧਾਲੀਵਾਲ, ਸੁਖਮਿੰਦਰ ਸਿੰਘ ਢਿੱਲੋਂ, ਜਗਦੀਸ਼ ਰਾਏ, ਦਫ਼ਤਰ ਸਕੱਤਰ ਸੁਰੇਸ਼ ਚੰਦਰ ਸ਼ਰਮਾ, ਜੋਆਇੰਟ ਸਕੱਤਰ ਦਰਸ਼ਨ ਸਿੰਘ ਮੋੜ, ਪ੍ਰੀਤਮ ਸਿੰਘ ਸੈਣੀ, ਦਰਸ਼ਨ ਸਿੰਘ ਨੋਰਥ, ਨਰਿੰਦਰ ਕੁਮਾਰ ਮਹਿਤਾ, ਕਾਰਜਕਾਰੀ ਮੈਂਬਰ ਪਵਨ ਕੁਮਾਰ, ਬਲਬੀਰ ਸਿੰਘ ਧਾਨੀਆ, ਪ੍ਰਤਾਪ ਸਿੰਘ ਢਿੱਲੋਂ, ਪਰਮਜੀਤ ਸਿੰਘ ਮੈਗੋ, ਜਗਵੰਤ ਸਿੰਘ, ਕੁਲਦੀਪ ਸਿੰਘ ਕਉਰਾ, ਚਰਨ ਸਿੰਘ, ਕ੍ਰਿਸ਼ਨ ਬਲਦੇਵ, ਗੁਰਮੀਤ ਸਿੰਘ ਟਿਵਾਣਾ, ਸਵਰਨ ਸਿੰਘ, ਕਰਤਾਰ ਸਿੰਘ ਬੇਰੀ, ਪੈਟਰਨ ਅਜੀਤ ਸਿੰਘ, ਸਲਾਹਕਾਰ ਗੁਰਦੀਪ ਸਿੰਘ ਵਾਲੀਆ। ਸਪੈਸ਼ਲ ਇੰਨਵਾਇਟੀ ਕਿੱਕਰ ਸਿੰਘ, ਸੁਖਦੇਵ ਸ਼ਰਮਾ, ਬਲਵਿੰਦਰ ਸਿੰਘ ਸੰਧੂ, ਦਰਸ਼ਨ ਲਾਲ ਟਟਿਆਲ, ਵੀਰ ਚੰਦ ਪੁਰੀ, ਕਰਨੈਲ ਸਿੰਘ, ਸ਼ਿਵ ਕੁਮਾਰ, ਮਨੋਹਰ ਦਾਸ, ਦਰਸ਼ਨ ਸਿੰਘ, ਰਮੇਸ਼ ਭਨੋਟ, ਸ਼ਾਮ ਮੋਹਨ, ਕ੍ਰਿਪਾਲ ਸਿੰਘ, ਅਜੈਬ ਸਿੰਘ, ਭੁਪਿੰਦਰ ਸਿੰਘ ਜੱਸੀ, ਹਰਦੇਵ ਸਿੰਘ, ਲਾਲ ਚੰਦ ਸਪਨਵਾਲਾ, ਬਲਦੇਵ ਸਿੰਘ ਸੰਧੂ, ਕੁਲਦੀਪ ਸਿੰਘ ਦੁਆਰਕਾ, ਹੰਸ ਰਾਜ, ਕ੍ਰਿਸ਼ਨ ਲਾਲ ਵਸ਼ਿਸ਼ਟ, ਸੋਦਾਗਰ ਸਿੰਘ ਬਣਾਏ ਗਏ ਹਨ। ਉਪਰੋਕਤ ਸੂਚੀ ਜਾਰੀ ਹੋਣ ਨਾਲ ਪੰਜਾਬ ਸਟੇਟ ਪੈਨਸ਼ਨਰ ਕਨਫਡਰੇਸ਼ਨ ਦੀ ਕਾਰਜ ਕਾਰਨ ਦੀ ਸਮੁੱਚੀ ਟੀਮ ਹੋਂਦ ਵਿੱਚ ਆ ਚੁੱਕੀ ਹੈ।

# ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੇ ਵਿਕਾਸ ਕਾਰਜਾਂ ਦੀ ਲਿਆਂਦੀ ਹਨੇਰੀ-ਹਰਜਿੰਦਰ ਸਿੰਘ ਜਲਾਲ ਉਸਮਾ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ, 18 ਅਪ੍ਰੈਲ**-ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਅਗਵਾਈ ਹੇਠ ਹਲਕਾ ਜੰਡਿਆਲਾ ਗੁਰੂ ਵਿੱਚ ਕਰੋੜਾ ਰੁਪਏ ਦੀ ਲਾਗਤ ਦੇ ਵਿਕਾਸ ਕਾਰਜ ਜੰਗੀ ਪੱਧਰ ਤੇ ਚੱਲ ਰਹੇ ਹਨ, ਜਿਸ ਨਾਲ ਲੋਕਾਂ ਅੰਦਰ ਆਪ ਆਮ ਪਾਰਟੀ ਪਰਤੀ ਹੋਰ ਮੋਹ ਜਾਗਿਆ ਹੈ, ਅਤੇ ਲੋਕ 2027 ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣਨੀ ਵੇਖਣਾ ਚਾਹੁੰਦੇ ਹਨ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਜਿਲਾ ਅੰਮਿਤਸਰ ਐਕਸਾਈਜ਼ ਐਂਡ ਟੈਕਸੇਸ਼ਨ ਸਲਾਹਕਾਰ ਕਮੇਟੀ ਦੇ ਮੈਬਰ ਪੰਜਾਬ ਸਰਕਾਰ, ਜਿਲਾ ਵਾਈਸ ਪ੍ਰਧਾਨ ਵਪਾਰ ਮੰਡਲ ਵਿੰਗ ਅੰਮ੍ਰਿਸਰ ਨੇ ਪੱਤਰਕਾਰਾਂ ਨਾਲ ਗੱਲ ਬਾਤ ਦੌਰਾਨ ਕੀਤੇ। ਅੱਜ ਪਿੰਡਾਂ ਦੀਆਂ ਲਿੰਕ ਸੜਕਾਂ, ਡਰੇਨਾਂ ਦੇ ਨਵੀਕਰਣ ਤੋਂ ਇਲਾਵਾ ਖੇਡ ਸਟੇਡੀਅਮ, ਖੇਡ ਨਰਸਰੀਆਂ, ਪਾਰਕਾਂ, ਗਲੀਆਂ ਨਾਲੀਆ ਅਤੇ ਛੱਪੜਾਂ ਦੇ ਨਵੀਕਰਣ ਤੋਂ ਇਲਾਵਾ ਹੋਰ ਬਹੁਤ ਸਾਰੇ ਕੰਮ ਤੇਜ ਰਫਤਾਰ ਨਾਲ ਚਲ ਰਹੇ ਹਨ। ਇਸ ਮੌਕੇ ਤੇ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਤੋਂ ਇਲਾਵਾ ਸਰਪੰਚ ਠੇਕੇਦਾਰ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਹਲਕਾ ਜੰਡਿਆਲਾ ਗੁਰੂ ਦੇ ਸੀਹਲਕਾ ਲੀਡਰ, ਸੁਖਦੇਵ ਸਿੰਘ ਉਸਮਾ, ਆਪ ਆਗੂ ਜਗਜੀਤ ਸਿੰਘ ਉਸਮਾ, ਮਨਜਿੰਦਰ ਸਿੰਘ ਉਸਮਾ, ਗੁਰਪ੍ਰੀਤ ਸਿੰਘ ਗੋਪੀ, ਮੈਬਰ ਨਿਰਮਲ ਸਿੰਘ ਠੇਕੇਦਾਰ ਬੂਟਾ ਸਿੰਘ ਜਲਾਲ ਮੀਡੀਆ ਇੰਚਾਰਜ ਰਈਆ, ਆਦਿ ਸੀਨੀਅਰ ਆਗੂ ਹਾਜਰ ਸਨ।

# ਈ ਰਿਕਸਾ ਚਲਾਉਣ ਵਾਲੇ ਗਰੋਹ ਵੱਲੋਂ ਉਤਰਾਖੰਡ ਤੋਂ ਦਰਸ਼ਨ ਕਰਨ ਆਏ ਯਾਤਰੀਆਂ ਨੂੰ ਸੁਨਸਾਨ ਜਗ੍ਹਾ ਤੇ ਲਿਜਾ ਕੇ ਕੀਤੀ ਲੁੱਟ ਖੋਹ

## ਦੋ ਘੰਟਿਆਂ ਚ ਦੋਸ਼ੀਆਂ ਨੂੰ ਜੰਡਿਆਲਾ ਪੁਲਿਸ ਨੇ ਕੀਤਾ ਕਾਬੂ



ਜੰਡਿਆਲਾ ਗੁਰੂ 18 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਅੰਮ੍ਰਿਤਸਰ ਦਿਹਾਤੀ ਦਾ ਥਾਣਾ ਜੰਡਿਆਲਾ ਗੁਰੂ ਦੀ ਪੁਲਿਸ ਨੂੰ ਇੱਕ ਵੱਡੀ ਸਫਲਤਾ ਹਾਸਲ ਹੋਈ ਜਿਸ ਵਿੱਚ ਪੁਲਿਸ ਵੱਲੋਂ ਉਤਰਾਖੰਡ ਤੋਂ ਆਏ ਸ਼ਰਧਾਲੂਆਂ ਨੂੰ ਲੁੱਟਣ ਵਾਲੇ ਗਰੋਹ ਦਾ ਦੋ ਘੰਟੇ ਵਿੱਚ ਪਰਦਾਫਾਸ਼ ਕਰਕੇ ਚਾਰ ਅਰੋਪੀਆਂ ਨੂੰ ਕਾਬੂ ਕਰ ਲਿਆ ਜਿਨਾਂ ਵਿੱਚ ਦੋ ਔਰਤਾਂ ਵੀ ਸ਼ਾਮਲ ਹਨ। ਡੀ ਐਸ ਪੀ ਸ੍ਰ : ਰਵਿੰਦਰ ਸਿੰਘ ਨੇ ਪੁਲਿਸ ਥਾਣਾ ਜੰਡਿਆਲਾ ਗੁਰੂ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਇਹ ਗ੍ਰੋਹ ਈ ਰਿਕਸ਼ਾ ਚਾਲਕ ਹੋਣ ਕਾਰਨ ਯਾਤਰੀਆਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨ ਕਰਾਉਣ ਦੇ ਬਹਾਨੇ ਸੁਨਸਾਨ ਜਗ੍ਹਾ ਤੇ ਲਿਜਾ ਕੇ ਲੁੱਟਦੇ ਸੀ। ਓਹਨਾਂ ਦੱਸਿਆ ਕਿ ਬੀਤੇ ਕਲ੍ਹ ਵੀ ਇਹ ਰਿਕਸ਼ੇ ਵਾਲੇ ਉਤਰਾਖੰਡ ਤੋਂ ਅੰਮ੍ਰਿਤਸਰ ਸਾਹਿਬ ਆਏ ਸ਼ਰਧਾਲੂਆਂ ਨੂੰ ਸਾਰਾ ਦਿਨ ਦਰਸ਼ਨ ਕਰਵਾਉਂਦੇ ਰਹੇ ਅਤੇ ਫਿਰ ਸ਼ਾਮ ਨੂੰ ਇਕ ਮੰਦਿਰ ਦਿਖਾਉਣ ਦੇ ਬਹਾਨੇ ਪਿੰਡ ਫਤਿਹਪੁਰ ਰਾਜਪੂਤਾਂ ਵੱਲ ਨੂੰ ਲੈ ਗਏ ਅਤੇ ਇਨ੍ਹਾਂ ਨੇ ਮੌਕਾ ਦੇਖ ਕੇ ਈ ਰਿਕਸਾ ਸੁਨਸਾਨ ਜਗ੍ਹਾ ਤੇ ਰੋਕ ਲਿਆ ਅਤੇ ਇਨ੍ਹਾਂ ਵੱਲੋਂ ਉਨ੍ਹਾਂ ਸ਼ਰਧਾਲੂਆਂ ਨੂੰ ਇਕ ਕਿਰਚ ਦਿਖਾ ਕੇ ਇਕ ਮੋਬਾਇਲ, ਸਮਾਟ ਵਾਚ, ਦੋ ਡਾਇਮੰਡ ਮੁੰਦਰੀਆਂ, ਏਅਰ ਰਿੰਗ, ਮੰਗਲਸੂਤਰ, ਸਾਢੇ ਅਠਾਰਾਂ ਹਜ਼ਾਰ ਰੁਪਏ ਲੁੱਟ ਲਏ ਜਿਸ ਸਬੰਧੀ ਜਦੋਂ ਇਹ ਮਾਮਲਾ ਪੁਲਿਸ ਪਾਰਟੀ ਨੂੰ ਸ਼ਿਕਾਇਤ ਮਿਲਣ ਤੇ ਸਾਡੇ ਧਿਆਨ ਵਿੱਚ ਆਇਆ ਤਾਂ ਤੁਰੰਤ ਮੈਂ ਅਤੇ ਐਸ ਐਚ ਓ ਹਰਚੰਦ ਸਿੰਘ ਵੱਲੋਂ ਵਿਭਾਗੀ ਕਾਰਵਾਈ ਕਰਦੇ ਹੋਏ ਇਨ੍ਹਾਂ ਤੱਕ ਪਹੁੰਚਣ ਚ ਕਾਮਯਾਬ ਹੋ ਗਏ ਜਿਸ ਵਿੱਚ ਪਹਿਲਾਂ ਦੋ ਦੋਸ਼ੀਆਂ ਨੂੰ ਕਾਬੂ ਕੀਤਾ ਅਤੇ ਇਨ੍ਹਾਂ ਵੱਲੋਂ ਚੋਰੀ ਦਾ ਸਾਮਾਨ ਵੰਡ ਲਿਆ ਗਿਆ ਸੀ ਜਿਸ ਵਿੱਚ ਇਨ੍ਹਾਂ ਦੀਆਂ ਪਤਨੀਆਂ ਵੀ ਇਨ੍ਹਾਂ ਦੇ ਗ੍ਰੋਹ ਦਾ ਹਿੱਸਾ ਹੈ ਕਿਉਂਕਿ ਇਹ ਸਮਾਨ ਲੁੱਟਦੇ ਸਨ ਤਾਂ ਇਹਨਾਂ ਦੀਆਂ ਪਤਨੀਆਂ ਵੱਲੋਂ ਉਹ ਸਮਾਨ ਵੇਚਿਆ ਜਾਂਦਾ ਸੀ ਜਿਸ ਵਿੱਚ ਜਦੋਂ ਇਨ੍ਹਾਂ ਦੀਆਂ ਪਤਨੀਆਂ ਵੱਲੋਂ ਮੁੰਦਰੀਆਂ ਵੇਚਣ ਦੀ ਤਿਆਰੀ ਕੀਤੀ ਗਈ ਸੀ ਜਿਨ੍ਹਾਂ ਨੂੰ ਅਸੀਂ ਗੇਟ ਤੋਂ ਗ੍ਰਿਫਤਾਰ ਕਰ ਲਿਆ ਜਿਸ ਵਿੱਚ ਕੁਲ 4 ਦੋਸ਼ੀਆਂ ਨੂੰ ਤੁਰੰਤ ਗਿਰਫ਼ਤਾਰ ਕਰਕੇ ਓਹਨਾਂ ਕੋਲੋ ਲੁੱਟ ਖੋਹ ਦਾ ਸਾਰਾ ਸਮਾਨ ਬਰਾਮਦ ਕਰ ਲਿਆ ਗਿਆ। ਦੋਸ਼ੀਆਂ ਖਿਲਾਫ ਥਾਣਾ ਜੰਡਿਆਲਾ ਗੁਰੂ ਮਾਮਲਾ ਦਰਜ ਕਰ ਲਿਆ ਗਿਆ ਹੈ । ਦੋਸ਼ੀਆਂ ਦੀ ਪਹਿਚਾਣ ਪ੍ਰਭਜੀਤ ਸਿੰਘ ਪਿੰਡ ਮੂਦਲ , ਜੋਬਨਪ੍ਰੀਤ ਸਿੰਘ ਨਵਾਂ ਪਿੰਡ ਹਾਲ ਚ ਫਤਿਹਪੁਰ ਰਾਜਪੂਤਾਂ , ਰੇਖਾ ਪਤਨੀ ਪ੍ਰਭਜੀਤ ਸਿੰਘ ਪਿੰਡ ਮੂਦਲ, ਲਵਪ੍ਰੀਤ ਕੌਰ ਪਤਨੀ ਜੋਬਨਪ੍ਰੀਤ ਸਿੰਘ ਨਵਾਂ ਪਿੰਡ ਵਜੋਂ ਹੋਈ ਹੈ।

# ਝਾੜ ਸਾਹਿਬ ਕਾਲਜ ਵਿਖੇ ਫੈਸ਼ਨ ਡਿਜਾਇੰਨਿੰਗ ਵਿਭਾਗ ਵੱਲੋਂ ਲਗਾਈ ਗਈ ਇਕ ਰੋਜ਼ਾ ਵਰਕਸ਼ਾਪ

**ਮਾਛੀਵਾੜਾ ਸਾਹਿਬ, 18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੇ ਨਿਰਦੇਸ਼ਾਂ ਹੇਠ ਫੈਸ਼ਨ ਡਿਜ਼ਾਇਨਿੰਗ ਵਿਭਾਗ ਅਤੇ ਯੂਥ ਕਲਚਰਲ ਕਲੱਬ ਵੱਲੋਂ ਵਿਦਿਆਰਥਣਾਂ ਲਈ ਇੱਕ ਰੋਜ਼ਾ ਵਰਕਸ਼ਾਪ ’ਲੋਕ ਕਲਾ ਫੁਲਕਾਰੀ ਅਤੇ ਬਾਗ’ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਲਜ ਦੇ ਅਸਿ.ਪ੍ਰੋ.ਸੁਖਨਪ੍ਰੀਤ ਕੌਰ ਨੇ ਫੁਲਕਾਰੀ ਦੇ ਇਤਿਹਾਸ ਅਤੇ ਮਹੱਤਤਾ ਬਾਰੇ ਦੱਸਿਆ । ਉਨ੍ਹਾਂ ਵਿਦਿਆਰਥਣਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਫੁਲਕਾਰੀ ਅਤੇ ਬਾਗ ਦੀ ਕਢਾਈ ਲਈ ਖੱਦਰ ਦਾ ਕੱਪੜਾਅਤੇ ਰੇਸ਼ਮੀ ਧਾਗਾ(ਪਟ) ਵਰਤਿਆ ਜਾਂਦਾ ਹੈ।ਫੁਲਕਾਰੀ ਦੀਆਂ ਬਾਰੀਕੀਆਂ ਬਾਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਸਾਟਨ ਸਟਿਚ,ਹੈਰਿੰਗ ਬੋਨ,ਡਾਰਨਿੰਗ ਸਟਿਚ,ਬਟਨ ਹੋਲ ਸਟਿਚ ਵਰਤੀਆਂ ਜਾਂਦੀਆ ਹਨ। ਸਾਡੇ ਪੰਜਾਬੀ ਸਭਿਆਚਾਰ ਵਿੱਚ ਫੁਲਕਾਰੀ ਦਾ ਅਹਿਮ ਸਥਾਨ ਹੈ ਜੋ ਪੰਜਾਬੀ ਸਭਿਆਚਾਰ ਦੀ ਖੂਬਸੂਰਤੀ ਨੂੰ ਚਾਰ ਚੰਨ ਲਗਾ ਦਿੰਦੀ ਹੈ।ਰੀਤੀ ਰਿਵਾਜਾਂ ਅਤੇ ਰਸਮਾਂ ਨੂੰ ਨਿਭਾਉਣ ਲਈ ਫੁਲਕਾਰੀ ਨੂੰ ਸ਼ੁੱਭ ਮੰਨਿਆ ਜਾਂਦਾ ਹੈ।ਪੰਜਾਬੀ ਔਰਤਾਂ ਆਪਣੀਆਂ ਮਨੋ ਭਾਵਨਾਵਾਂ ਅਤੇ ਚਾਵਾਂ ਨੂੰ ਇਸ ਦੁਆਰਾ ਸੋਹਣੇ ਰੰਗਾਂ ਅਤੇ ਡਿਜ਼ਾਇਨਾਂ ਵਿੱਚ ਮਾਲਾ ਦੇ ਮਣਕਿਆਂ ਦੀ ਤਰ੍ਹਾਂ ਪਰੋ ਦਿੰਦੀਆਂ ਹਨ।ਫੁਲਕਾਰੀ ਸਹਿਜਤਾ ਅਤੇ ਸਬਰ ਦਾ ਪ੍ਰਤੀਕ ਹੈ ਕਿਉਂਕਿ ਇਹ ਕਢਾਈ ਨੂੰ ਕਰਨ ਵਿੱਚ ਲੰਮਾ ਸਮਾਂ ਲੱਗਦਾ ਹੈ। ਇਸ ਮੌਕੇ ਯੂਥ ਫੈਸਟੀਵਲ ਵਿੱਚ ਫੁਲਕਾਰੀ ਪ੍ਰਤਿਯੋਗਤਾ ਵਿੱਚ ਲਗਾਤਾਰ ਤਿੰਨ ਸਾਲਾ ਤੋਂ ਪਹਿਲਾ ਸਥਾਨ ਹਾਸਿਲ ਕਰਨ ਵਾਲੀ ਜਸ਼ਨਪ੍ਰੀਤ ਕੌਰ ਬੀ.ਐਸ.ਸੀ.ਐਫ.ਡੀ. (ਭਾਗ ਤੀਜਾ) ਦੀ ਵਿਦਿਆਰਥਣ ਨੇ ਫੁਲਕਾਰੀ ਕਢਾਈ ਕਰਨ ਦੇ ਆਪਣੇ ਤਜ਼ਰਬੇ ਬਾਰੇ ਵਿਚਾਰ ਸਾਂਝੇ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243